ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7l

awazeqaumtvpunjab@gmail.com

ਸ਼ਨਿੱਚਰਵਾਰ, 22 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੧੧ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਕਿਸਾਨ ਅੰਦੋਲਨ ਦੇ ਸ਼ਹੀਦ ਸ਼ੁਭਕਰਨ ਦੀ ਪਹਿਲੀ ਬਰਸੀ, ਪਿੰਡ 'ਚ ਲਾਇਆ ਬੁੱਤ, ਖਨੌਰੀ ਤੇ ਸ਼ੰਭੂ 'ਤੇ ਵੀ ਸਮਾਗਮ

ਖਨੌਰੀ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)– ਖਨੌਰੀ ਬਾਰਡਰ 'ਤੇ ਸ਼ਹੀਦ ਹੋਏ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਦੀ ਅੱਜ ਪਹਿਲੀ ਬਰਸੀ ਮਨਾਈ ਜਾ ਰਹੀ ਹੈ। ਇਸ ਮੌਕੇ ਸ਼ੁਭਕਰਨ ਦੇ ਪਿੰਡ ਬੱਲੋ ਦੇ ਵਿੱਚ ਕਿਸਾਨਾਂ ਦੇ ਵੱਲੋਂ ਵੱਡਾ ਇਕੱਠ ਕੀਤਾ ਗਿਆ। ਇਸ ਮੌਕੇ 'ਤੇ ਸ਼ੰਭੂ, ਖਨੌਰੀ ਤੇ ਰਤਨਪੁਰ 'ਤੇ ਸ਼ਹੀਦੀ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ। ਬੱਲੋ ਪਿੰਡ ਵਿੱਚ ਸਥਾਪਿਤ ਸ਼ੁਭਕਰਨ ਸਿੰਘ ਦੇ ਬੁੱਤ ਦਾ ਉਦਘਾਟਨ ਕੀਤਾ ਗਿਆ ਹੈ। ਇਸ ਦੇ ਨਾਲ ਹੀ ਸ਼ਾਮ ਨੂੰ ਇੱਕ ਮੋਮਬੱਤੀ ਮਾਰਚ ਕੱਢਿਆ ਜਾਵੇਗਾ। ਸ਼ੁਭਕਰਨ ਦੀ ਪਿਛਲੇ ਸਾਲ ਹਰਿਆਣਾ ਪੁਲਿਸ ਨਾਲ ਹੋਈ ਝੜਪ ਦੌਰਾਨ ਗੋਲੀਆਂ ਲੱਗਣ ਕਾਰਨ ਮੌਤ ਹੋ ਗਈ ਸੀ। ਇਸ ਮੌਕੇ ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਨੇ ਨੌਜਵਾਨ ਕਿਸਾਨ ਆਗੂ ਸ਼ੁਭਕਰਨ ਸਿੰਘ ਦੀ ਯਾਦ ਵਿੱਚ ਸਟੇਡੀਅਮ ਬਣਾਉਣ ਅਤੇ ਸੜਕ ਬਣਾਉਣ ਦਾ ਵਾਅਦਾ ਕੀਤਾ ਸੀ ਪਰ ਇੱਕ ਸਾਲ ਪੂਰਾ ਹੋਣ ਦੇ ਬਾਵਜੂਦ ਕੋਈ ਵਾਅਦੇ ਪੂਰੇ ਨਹੀਂ ਕੀਤੇ ਅਤੇ ਨਾ ਹੀ ਸ਼ੁਭਕਰਨ ਸਿੰਘ ਨੂੰ ਗੋਲੀ ਮਾਰ ਕੇ ਮਾਰੇ ਜਾਣ ਦੇ ਮਾਮਲੇ ਵਿੱਚ ਕੋਈ ਕਾਰਵਾਈ ਕੀਤੀ ਗਈ ਅਤੇ ਨਾ ਹੀ ਅਜੇ ਤੱਕ ਪਰਿਵਾਰ ਨੂੰ ਇਨਸਾਫ ਮਿਲਿਆ। ਓਧਰ ਦੂਜੇ ਪਾਸੇ ਖਨੌਰੀ ਸਰਹੱਦ 'ਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਭੁੱਖ ਹੜਤਾਲ 88ਵੇਂ ਦਿਨ ਵਿੱਚ ਦਾਖਲ ਹੋ ਗਈ ਹੈ।

## ਖਤਰੇ 'ਚ ਅੰਮ੍ਰਿਤਪਾਲ ਸਿੰਘ ਦੀ ਮੈਂਬਰਸ਼ਿਪ !

# ਸੀਟ ਖਾਲੀ ਘੋਸ਼ਿਤ ਕਰਨ ਲਈ ਬਣਾਈ ਗਈ ਕਮੇਟੀ

**ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਟ**



ਮਾਝਾ ਇਲਾਕੇ ਦੇ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਮੈਂਬਰਸ਼ਿਪ ਖ਼ਤਰੇ ਵਿੱਚ ਹੈ। ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਜੋ ਇਸ ਸਮੇਂ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ, 46 ਦਿਨਾਂ ਤੋਂ ਲੋਕ ਸਭਾ ਤੋਂ ਗੈਰਹਾਜ਼ਰ ਹਨ ਜਿਸ ਦੀ ਵਜ੍ਹਾ ਉਨ੍ਹਾਂ ਦਾ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹੋਣਾ ਹੈ ਦੱਸ ਦਈਏ ਕਿ ਅੰਮ੍ਰਿਤਪਾਲ ਵੱਲੋਂ ਪੰਜਾਬ ਤੇ ਹਰਿਆਣਾ ਹਾਈ ਕੋਰਟਵਿੱਚ ਦਾਇਰ ਪਟੀਸ਼ਨ 'ਤੇ ਸ਼ੁੱਕਰਵਾਰ (21 ਫਰਵਰੀ) ਨੂੰ ਸੁਣਵਾਈ ਕਰਨ ਤੋਂ ਬਾਅਦ ਅਗਲੀ ਤਰੀਕ 25 ਫਰਵਰੀ ਦਿੱਤੀ ਗਈ ਹੈ। ਖਾਲਿਸਤਾਨ ਪੱਖੀ ਸੰਸਦ ਮੈਂਬਰ ਨੇ ਹਾਈ ਕੋਰਟ ਤੋਂ ਮੰਗ ਕੀਤੀ ਹੈ ਕਿ ਉਨ੍ਹਾਂ ਨੂੰ ਲੋਕ ਸਭਾ ਦੀ ਕਾਰਵਾਈ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਦਿੱਤੀ ਜਾਵੇ। ਪੰਜਾਬ-ਹਰਿਆਣਾ ਹਾਈ ਕੋਰਟ ਇਸ ਮਾਮਲੇ ਵਿੱਚ ਤਕਨੀਕੀ ਪਹਿਲੂਆਂ ਨੂੰ ਸਮਝਣਾ ਚਾਹੁੰਦਾ ਹੈ, ਇਸ ਲਈ ਤਕਨੀਕੀ ਪਹਿਲੂਆਂ 'ਤੇ 25 ਫਰਵਰੀ ਨੂੰ ਚਰਚਾ ਹੋ ਸਕਦੀ ਹੈ। ਦਰਅਸਲ, ਪਟੀਸ਼ਨ ਵਿੱਚ ਇਹ ਹਵਾਲਾ ਦਿੱਤਾ ਗਿਆ ਹੈ ਕਿ ਨਿਯਮਾਂ ਅਨੁਸਾਰ, ਜੇ ਉਹ 60 ਦਿਨਾਂ ਤੱਕ ਲੋਕ ਸਭਾ ਦੀ ਕਾਰਵਾਈ ਤੋਂ ਗੈਰਹਾਜ਼ਰ ਰਹਿੰਦੇ ਹਨ, ਤਾਂ ਉਨ੍ਹਾਂ ਦੀ ਮੈਂਬਰਸ਼ਿਪ ਰੱਦ ਕੀਤੀ ਜਾ ਸਕਦੀ ਹੈ। ਇਹ ਦਲੀਲ ਦਿੱਤੀ ਗਈ ਹੈ ਕਿ ਉਹ 46 ਦਿਨਾਂ ਤੋਂ ਲੋਕ ਸਭਾ ਦੀ ਕਾਰਵਾਈ ਵਿੱਚ ਹਿੱਸਾ ਨਹੀਂ ਲੈ ਸਕੇ ਹਨ। ਹਾਈ ਕੋਰਟ ਇਸ ਪਹਿਲੂ 'ਤੇ ਗੌ਼ਰ ਕਰੇਗਾ। ਅੰਮ੍ਰਿਤਪਾਲ ਦੇ ਵਕੀਲ ਵੱਲੋਂ ਦਾਇਰ ਪਟੀਸ਼ਨ ਵਿੱਚ ਕਿਹਾ ਗਿਆ ਸੀ ਕਿ ਉਨ੍ਹਾਂ ਨੂੰ ਇਸ ਸਬੰਧ ਵਿੱਚ ਲੋਕ ਸਭਾ ਤੋਂ ਇੱਕ ਪੱਤਰ ਮਿਲਿਆ ਹੈ। ਇਸ ਵਿੱਚ ਇਹ ਸਾਰੀਆਂ ਗੱਲਾਂ ਸਾਹਮਣੇ ਆਈਆਂ ਹਨ। ਅਜਿਹੀ ਸਥਿਤੀ ਵਿੱਚ ਉਨ੍ਹਾਂ ਵੱਲੋਂ ਲੋਕ ਸਭਾ ਸਪੀਕਰ ਨੂੰ ਸੈਸ਼ਨ ਵਿੱਚ ਸ਼ਾਮਲ ਹੋਣ ਦੀ ਮੰਗ ਕੀਤੀ ਗਈ ਹੈ ਇਸ ਤੋਂ ਪਹਿਲਾਂ ਅੰਮ੍ਰਿਤਪਾਲ ਵੱਲੋਂ ਅੰਮ੍ਰਿਤਸਰ ਦੇ ਜ਼ਿਲ੍ਹਾ ਮੈਜਿਸਟਰੇਟ ਨੂੰ ਇੱਕ ਪ੍ਰਤੀਨਿਧਤਾ ਵੀ ਦਿੱਤੀ ਗਈ ਸੀ, ਜਿਸਨੂੰ ਰੱਦ ਕਰ ਦਿੱਤਾ ਗਿਆ ਹੈ। ਅੰਮ੍ਰਿਤਪਾਲ ਨੇ ਕਿਹਾ ਕਿ ਉਹ 24 ਜੂਨ ਤੋਂ 2 ਜੁਲਾਈ, 25 ਨਵੰਬਰ ਤੱਕ 19 ਦਿਨ ਅਤੇ 25 ਨਵੰਬਰ ਤੋਂ 12 ਦਸੰਬਰ ਤੱਕ ਗੈਰਹਾਜ਼ਰ ਰਹੇ।ਜ਼ਿਕਰ ਕਰ ਦਈਏ ਕਿ ਅੰਮ੍ਰਿਤਪਾਲ ਸਿੰਘ ਨੇ 14 ਜਨਵਰੀ 2025 ਨੂੰ ਸ੍ਰੀ ਮੁਕਤਸਰ ਸਾਹਿਬ ਦੇ ਮਾਘੀ ਮੇਲੇ ਵਿੱਚ ਨਵੀਂ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਦਾ ਐਲਾਨ ਕੀਤਾ। ਅੰਮ੍ਰਿਤਪਾਲ ਨੂੰ ਰਾਸ਼ਟਰੀ ਪ੍ਰਧਾਨ ਬਣਾਇਆ ਗਿਆ ਤੇ ਪਾਰਟੀ ਨੂੰ ਚਲਾਉਣ ਲਈ ਇੱਕ ਕਮੇਟੀ ਬਣਾਈ ਗਈ ਹੈ।

## ਸਿੱਖ ਪੰਥ 'ਚ ਨਰੈਣੂ ਮਹੰਤ ਕੇਵਲ ਇੱਕ ਵਿਅਕਤੀ ਨਹੀ ਸਗੋਂ ਇੱਕ ਸੋਚ, ਗਿਆਨੀ ਹਰਪ੍ਰੀਤ ਸਿੰਘ ਨੇ ਛੱਡਿਆ ਗੁੱਝਾ ਤੀਰ

ਇਸ ਵੇਲੇ ਪੰਥਕ ਸਿਆਸਤ ਪੂਰੀ ਤਰ੍ਹਾਂ ਗਰਮਾਈ ਤੇ ਡਗਮਗਾਈ ਹੋਈ ਹੈ। ਪਹਿਲਾਂ ਗਿਆਨੀ ਹਰਪ੍ਰੀਤ ਸਿੰਘ ਨੂੰ ਜ਼ਿੰਮੇਵਾਰੀਆਂ ਤੋਂ ਫਾਰਗ ਕਰਨਾ ਤੇ ਫਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦਾ ਅਸਤੀਫਾ ਦੇਣ ਵੱਡੇ ਸਵਾਲ ਖੜ੍ਹੇ ਕਰ ਰਿਹਾ ਹੈ। ਇਸ ਪਿੱਛੇ ਜ਼ਿਆਦਾਤਰ ਲੋਕਾਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਨੂੰ ਜ਼ਿੰਮੇਵਾਰ ਦੱਸਿਆ ਜਾ ਰਿਹਾ ਹੈ। ਹੁਣ ਇਸ ਨੂੰ ਲੈ ਸਾਕਾ ਸ੍ਰੀ ਨਨਕਾਣਾ ਸਾਹਿਬ ਦੀ ਬਰਸੀ ਮੌਕੇ ਵੱਡਾ ਬਿਆਨ ਦਿੱਤਾ ਗਿਆ ਹੈ ਜਿਸ ਨੇ ਬਲਦੀ ਵਿੱਚ ਕਹਿ ਦਈਏ ਤੇਲ ਪਾਉਣ ਵਾਲਾ ਕੰਮ ਕੀਤਾ ਹੈ। ਦਰਅਸਲ ਗਿਆਨੀ ਹਰਪ੍ਰੀਤ ਸਿੰਘ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਸ੍ਰੀ ਨਨਕਾਣਾ ਸਾਹਿਬ ਦੇ ਮਹਾਨ ਸ਼ਹੀਦਾਂ ਨੂੰ ਨਮਨ। ਸਿੱਖ ਪੰਥ ਵਿਚ ਨਰੈਣੂ ਮਹੰਤ ਕੇਵਲ ਇਕ ਵਿਅਕਤੀ ਨਹੀ ਬਲਕਿ ਸੋਚ ਹੈ ਜੋ ਪੰਥਕ ਸੰਸਥਾਵਾਂ ਤੇ ਗੁਰਧਾਮਾਂ ਨੂੰ ਅਪਣੀ ਨਿੱਜੀ ਮਲਕੀਅਤ ਮੰਨ ਕੇ ਪੰਥਕ ਹਿਤਾਂ ਦੇ ਉਲਟ ਭੁਗਤਦੀ ਹੈ। ਇਸ ਸੋਚ ਦਾ ਮੁਕਾਬਲਾ ਨਿਜ ਗਰਜੀ ਤੋਂ ਉਪਰ ਉੱਠ ਕੇ ਤਿਆਗ ਤੇ ਗੁਰੂ ਪ੍ਰਤੀ ਸਮਰਪਿਤ ਭਾਵਨਾ ਨਾਲ ਕੀਤਾ ਜਾ ਸਕਦਾ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਬੇਹੱਦ ਦੁਖਦਾਇਕ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਹ ਅਸਤੀਫ਼ਾ ਦਬਾਵ ਦੇ ਹੇਠ ਵਿੱਚ ਦਿੱਤਾ ਹੈ ਜਿਹੜਾ ਕਿ ਉਨ੍ਹਾਂ ਦੇ ਚਿਹਰੇ ਤੋਂ ਨਜ਼ਰ ਆ ਰਿਹਾ ਸੀ। ਉਨ੍ਹਾਂ ਕਿਹਾ ਕਿ ਇਸ ਵੇਲੇ ਹਰਜਿੰਦਰ ਸਿੰਘ ਧਾਮੀ ਨੂੰ ਅਸਤੀਫ਼ਾ ਨਹੀਂ ਦੇਣਾ ਚਾਹੀਦਾ ਸੀ, ਧਾਮੀ ਨੂੰ ਸਥਿਤੀਆਂ ਦਾ ਸਾਹਮਣਾ ਕਰਨਾ ਚਾਹੀਦਾ ਸੀ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿਹਾ ਕਿ ਮੇਰੇ ਖ਼ਿਲਾਫ਼ ਬਦਲਾਖੋਰੀ ਦੀ ਸਿਆਸਤ ਹੋਈ ਹੈ। ਇਸ ਬਾਰੇ ਸਾਰੀ ਸਕ੍ਰਿਪਟ ਤਿਆਰ ਕੀਤੀ ਗਈ ਸੀ ਤੇ ਸ਼ਾਇਦ ਇਸ ਸਕ੍ਰਿਪਟ ਦਾ ਪਾਰਟ-3 ਵੀ ਆ ਜਾਵੇ। ਸਿੱਖ ਇਤਿਹਾਸ 'ਚ ਇੱਕ ਅਹਿਮ ਘਟਨਾਕ੍ਰਮ ਵਜੋਂ ਦਰਜ ਹੈ 1921 'ਚ ਵਾਪਰਿਆ ਸਾਕਾ ਨਨਕਾਣਾ ਸਾਹਿਬ, ਜੋ ਪਹਿਲੇ ਪਾਤਸ਼ਾਹ, ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦੀ ਦੁਰਾਚਾਰੀ ਨਰੈਣੂ ਮਹੰਤ ਦੇ ਕਬਜ਼ੇ 'ਚੋਂ ਅਜ਼ਾਦੀ ਲਈ ਵਿੱਢੇ ਸੰਘਰਸ਼ ਦੌਰਾਨ ਵਾਪਰਿਆ।

## ਅਮਰੀਕਾ ਤੱਕ ਪਹੁੰਚਿਆ ਬਿਨਾ ਪੱਗ ਤੋਂ ਦੇਸ਼ ਨਿਕਾਲਾ ਦਿੱਤੇ ਸਿੱਖ ਨੌਜਵਾਨ ਦਾ ਮੁੱਦਾ, ਮੋਦੀ ਸਰਕਾਰ ਨੇ ਟਰੰਪ ਨੂੰ ਕੀਤੀ ਤਾੜਨਾ !

ਨਵੀਂ ਦਿੱਲੀ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)– ਭਾਰਤ ਸਰਕਾਰ ਨੇ ਹੁਣ ਉਸ ਸਿੱਖ ਨੌਜਵਾਨ ਦਾ ਮਾਮਲਾ ਅਮਰੀਕੀ ਸਰਕਾਰ ਸਾਹਮਣੇ ਜ਼ੋਰ ਨਾਲ ਚੁੱਕਿਆ ਹੈ ਜਿਸਨੂੰ ਅਮਰੀਕਾ ਤੋਂ ਡਿਪੋਰਟ ਕੀਤਾ ਗਿਆ ਸੀ ਤੇ ਉਹ ਬਿਨਾਂ ਪੱਗ ਦੇ ਅੰਮ੍ਰਿਤਸਰ ਹਵਾਈ ਅੱਡੇ



'ਤੇ ਪਹੁੰਚਿਆ ਸੀ। ਇਹ ਨੌਜਵਾਨ ਸ਼ਨੀਵਾਰ (15 ਫਰਵਰੀ) ਰਾਤ ਨੂੰ ਅਮਰੀਕਾ ਤੋਂ ਡਿਪੋਰਟ ਕੀਤੇ ਗਏ 116 ਭਾਰਤੀਆਂ ਦੇ ਇੱਕ ਜੱਥੇ ਵਿੱਚ ਭਾਰਤ ਪਹੁੰਚਿਆ ਸੀ। ਇਸ ਦੀ ਬਿਨਾਂ ਪੱਗ ਵਾਲੀ ਫੋਟੋ ਵਾਇਰਲ ਹੋਣ ਤੋਂ ਬਾਅਦ ਸਿੱਖ ਭਾਈਚਾਰੇ ਵਿੱਚ ਗੁੱਸਾ ਫੈਲ ਗਿਆ। ਇਸ ਤੋਂ ਬਾਅਦ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਸ ਮਾਮਲੇ ਵਿੱਚ ਭਾਰਤ ਸਰਕਾਰ ਨੂੰ ਇਸ ਸਬੰਧੀ ਕਦਮ ਚੁੱਕਣ ਦੀ ਬੇਨਤੀ ਕੀਤੀ ਗਈ ਜਿਸ 'ਤੇ ਹੁਣ ਭਾਰਤ ਸਰਕਾਰ ਨੇ ਇਸ ਸਬੰਧ ਵਿੱਚ ਅਮਰੀਕੀ ਸਰਕਾਰ ਨਾਲ ਵੀ ਗੱਲ ਕੀਤੀ ਹੈ ਅਮਰੀਕਾ ਤੋਂ ਭਾਰਤੀ ਨਾਗਰਿਕਾਂ ਨੂੰ ਲੈ ਕੇ ਅੰਮ੍ਰਿਤਸਰ ਉਤਰਨ ਵਾਲੀਆਂ ਉਡਾਣਾਂ ਬਾਰੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ 15 ਤੇ 16 ਫਰਵਰੀ ਨੂੰ ਅੰਮ੍ਰਿਤਸਰ ਵਿੱਚ ਉੱਤਰਨ ਵਾਲੀਆਂ ਉਡਾਣਾਂ ਸਾਡੇ ਲਈ ਚਿੰਤਾ ਦਾ ਵਿਸ਼ਾ ਸਨ ਤੇ ਅਸੀਂ ਇਸ ਸਬੰਧ ਵਿੱਚ ਅਮਰੀਕੀ ਸਰਕਾਰ ਨਾਲ ਆਪਣੀਆਂ ਚਿੰਤਾਵਾਂ ਵੀ ਸਾਂਝੀਆਂ ਕੀਤੀਆਂ ਸਨ। ਅਸੀਂ ਜ਼ੋਰ ਦੇ ਕੇ ਕਿਹਾ ਕਿ ਜਿਨ੍ਹਾਂ ਨੂੰ ਦੇਸ਼ ਨਿਕਾਲਾ ਦਿੱਤਾ ਜਾ ਰਿਹਾ ਹੈ ਉਨ੍ਹਾਂ ਨਾਲ ਮਨੁੱਖੀ ਵਿਵਹਾਰ ਕੀਤਾ ਜਾਣਾ ਚਾਹੀਦਾ ਹੈ ਤੇ ਉਨ੍ਹਾਂ ਦੀਆਂ ਧਾਰਮਿਕ ਸੰਵੇਦਨਸ਼ੀਲਤਾਵਾਂ ਦਾ ਵੀ ਧਿਆਨ ਰੱਖਿਆ ਜਾਣਾ ਚਾਹੀਦਾ ਹੈ। ਦਰਅਸਲ ਅਮਰੀਕਾ ਤੋਂ ਡਿਪੋਰਟ ਕੀਤਾ ਗਿਆ ਇੱਕ ਸਿੱਖ ਨੌਜਵਾਨ ਬਿਨਾਂ ਪੱਗ ਬੰਨ੍ਹੇ ਅੰਮ੍ਰਿਤਸਰ ਹਵਾਈ ਅੱਡੇ 'ਤੇ ਉਤਰਿਆ ਸੀ। ਉਹ ਸ਼ਨੀਵਾਰ (15 ਫਰਵਰੀ) ਰਾਤ ਨੂੰ ਅਮਰੀਕਾ ਤੋਂ ਦੇਸ਼ ਨਿਕਾਲਾ ਦਿੱਤੇ ਗਏ 116 ਭਾਰਤੀਆਂ ਦੇ ਜੱਥੇ ਵਿੱਚ ਸ਼ਾਮਲ ਸੀ। ਉਸ ਦੀ ਨੰਗੇ ਸਿਰ ਵਾਲੀ ਫੋਟੋ ਵਾਇਰਲ ਹੋ ਗਈ। ਇਸ ਲਈ ਸੋਸ਼ਲ ਮੀਡੀਆ ਉਪਰ ਹਰ ਕੋਈ ਜਾਣਨਾ ਚਾਹੁੰਦਾ ਸੀ ਕਿ ਇਹ ਨੌਜਵਾਨ ਕੌਣ ਸੀ ਤੇ ਉਸ ਨੇ ਪੱਗ ਕਿਉਂ ਨਹੀਂ ਬੰਨ੍ਹੀ ਹੋਈ ਸੀ। ਇਸ ਤੋਂ ਬਾਅਦ ਇਹ ਨੌਜਵਾਨ ਮੀਡੀਆ ਸਾਹਮਣੇ ਆਇਆ ਹੈ। ਉਸ ਦਾ ਨਾਮ ਮਨਦੀਪ ਸਿੰਘ ਹੈ। ਉਹ ਅੰਮ੍ਰਿਤਸਰ ਦਾ ਰਹਿਣ ਵਾਲਾ ਹੈ। ਭਾਰਤੀ ਫੌਜ ਤੋਂ ਸੇਵਾਮੁਕਤੀ ਲੈਣ ਤੋਂ ਬਾਅਦ ਉਹ ਰਿਟਾਇਰਮੈਂਟ ਦੌਰਾਨ ਮਿਲੇ ਪੈਸੇ ਤੇ ਆਪਣੀ ਪਤਨੀ ਦੇ ਗਹਿਣੇ ਵੇਚ ਕੇ ਡੌਂਕੀ ਰੂਟ ਰਾਹੀਂ ਅਮਰੀਕਾ ਚਲਾ ਗਿਆ। ਉਸ ਨੇ ਦੱਸਿਆ ਕਿ ਅਮਰੀਕੀ ਸੈਨਿਕਾਂ ਨੇ ਉਸ ਦੀ ਪੱਗ ਉਤਾਰ ਕੇ ਕੂੜੇਦਾਨ ਵਿੱਚ ਸੁੱਟ ਦਿੱਤੀ। ਉਸ ਦੀ ਦਾੜ੍ਹੀ ਤੇ ਸਿਰ ਦੇ ਵਾਲ ਵੀ ਕੱਟ ਦਿੱਤੇ। ਉਸ ਦੇ ਹੱਥਾਂ ਤੇ ਪੈਰਾਂ ਵਿੱਚ ਹੱਥਕੜੀਆਂ ਤੇ ਬੇੜੀਆਂ ਲਾਈਆਂ ਗਈਆਂ।

## ਹਰਜਿੰਦਰ ਸਿੰਘ ਧਾਮੀ ਦਾ ਅਸਤੀਫਾ ਹਾਲੇ ਨਾ-ਮਨਜ਼ੂਰ, ਕਿਹਾ- ਕਮੇਟੀ ਕੋਲ ਜਥੇਦਾਰ ਨੂੰ ਹਟਾਉਣ ਦਾ ਪੂਰਾ ਅਧਿਕਾਰ


ਅੰਮ੍ਰਿਤਸਰ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)– ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਦੇ ਕਮੇਟੀ ਦੇ ਪ੍ਰਧਾਨ



ਹਰਜਿੰਦਰ ਸਿੰਘ ਧਾਮੀ ਦੇ ਵੱਲੋਂ ਦਿੱਤੇ ਗਏ ਅਸਤੀਫੇ ਤੋਂ ਬਾਅਦ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਕੀਤੀ ਗਈ ਹੈ ਜਿਸ ਤੋਂ ਬਾਅਦ ਕਮੇਟੀ ਵੱਲੋਂ ਦੱਸਿਆ ਗਿਆ ਕਿ ਹਰਜਿੰਦਰ ਸਿੰਘ ਧਾਮੀ ਦਾ ਅਸਤੀਫਾ ਅਜੇ ਪੈਂਡਿੰਗ ਰੱਖਿਆ ਗਿਆ ਹੈ। ਉਨ੍ਹਾਂ ਨੇ ਹਰਜਿੰਦਰ ਸਿੰਘ ਧਾਮੀ ਨੂੰ ਮੁੜ ਤੋਂ ਇਸ ਉੱਤੇ ਵਿਚਾਰ ਕਰਨ ਲਈ ਕਿਹਾ ਹੈ। ਇਸ ਮੌਕੇ ਕਮੇਟੀ ਨੇ ਕਿਹਾ ਗਿਆਨੀ ਹਰਪ੍ਰੀਤ ਸਿੰਘ ਨੂੰ ਹਟਾਉਣ ਦਾ ਫੈਸਲਾ ਹਰਜਿੰਦਰ ਸਿੰਘ ਧਾਮੀ ਦਾ ਨਹੀਂ ਸਗੋਂ ਪੂਰੀ ਕਮੇਟੀ ਦਾ ਸੀ। ਉਹਾਂ ਕਿਹਾ ਕਿ ਹੁਣ ਕਮੇਟੀ ਦਾ 5 ਮੈਂਬਰੀ ਵਫ਼ਦ ਹਰਜਿੰਦਰ ਸਿੰਘ ਧਾਮੀ ਨੂੰ ਮਿਲੇਗਾ। ਇਸ ਤੋਂ ਬਾਅਦ ਮੀਡੀਆ ਨਾਲ ਰਾਬਤਾ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮਾਨ ਨੇ ਐਕਟ 1925 ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਸੰਸਥਾ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਹਟਾਉਣ ਦਾ ਫੈਸਲਾ ਲੈ ਸਕਦੀ ਹੈ। ਉਨ੍ਹਾਂ ਕਿਹਾ ਕਿ ਉਹ ਜਲਦੀ ਹੀ ਇਸ ਐਕਟ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨਾਲ ਮੀਟਿੰਗ ਕਰਨਗੇ। ਇਸ ਮੌਕੇ ਕਾਰਜਕਾਰਨੀ ਨੇ ਸਪੱਸ਼ਟ ਕੀਤਾ ਕਿ ਪ੍ਰਧਾਨ ਧਾਮੀ ਨਾਲ ਜਲਦੀ ਹੀ ਇੱਕ ਮੀਟਿੰਗ ਕੀਤੀ ਜਾਵੇਗੀ ਤੇ ਉਨ੍ਹਾਂ ਨੂੰ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ ਲਈ ਕਿਹਾ ਜਾਵੇਗਾ। ਸ਼੍ਰੋਮਣੀ ਕਮੇਟੀ ਦੇ ਕੰਮਕਾਜ ਦੀ ਸਮੀਖਿਆ ਲਈ ਕੁਝ ਦਿਨਾਂ ਵਿੱਚ ਜਲਦੀ ਹੀ ਇੱਕ ਮੀਟਿੰਗ ਬੁਲਾਈ ਜਾਵੇਗੀ। ਜ਼ਿਕਰਯੋਗ ਹੈ ਕਿ ਤਿੰਨ ਦਿਨ ਪਹਿਲਾਂ ਉਨ੍ਹਾਂ ਨੇ ਆਪਣਾ ਅਸਤੀਫਾ ਸ੍ਰੀ ਅਕਾਲ ਤਖ਼ਤ ਸਾਹਿਬ ਦਫ਼ਤਰ ਵਿਖੇ ਸੌਂਪ ਦਿੱਤਾ ਸੀ। ਧਾਮੀ ਨੇ ਆਪਣੇ ਅਸਤੀਫ਼ੇ ਦਾ ਕਾਰਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਅਹੁਦੇ ਨੂੰ ਦੱਸਿਆ ਹੈ। ਰਘਬੀਰ ਸਿੰਘ ਨੇ 13 ਫਰਵਰੀ ਨੂੰ ਹਰਪ੍ਰੀਤ ਸਿੰਘ ਨੂੰ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਦੇ ਅਹੁਦੇ ਤੋਂ ਹਟਾਏ ਜਾਣ ਤੋਂ ਬਾਅਦ ਪੋਸਟ ਸਾਂਝੀ ਕੀਤੀ ਸੀ। ਧਾਮੀ ਨੇ ਆਪਣੇ ਅਸਤੀਫ਼ੇ ਸਮੇਂ ਕਿਹਾ ਸੀ ਕਿ ਜਿਸ ਦਿਨ ਗਿਆਨੀ ਹਰਪ੍ਰੀਤ ਸਿੰਘ ਨੂੰ ਹਟਾਉਣ ਦਾ ਫੈਸਲਾ ਲਿਆ ਗਿਆ ਸੀ, ਉਸ ਦਿਨ 14 ਕਾਰਜਕਾਰਨੀ ਮੈਂਬਰ ਇਕੱਠੇ ਸਨ ਅਤੇ ਡੇਢ ਘੰਟੇ ਤੱਕ ਚਰਚਾ ਹੋਈ ਸੀ। ਸਾਰਿਆਂ ਨੂੰ ਬੋਲਣ ਲਈ ਡੇਢ ਘੰਟੇ ਦਾ ਸਮਾਂ ਦਿੱਤਾ ਗਿਆ, ਤਾਂ ਜੋ ਕਿਸੇ ਦੇ ਵਿਚਾਰ ਨਾ ਰਹਿ ਜਾਣ, ਪਰ ਪ੍ਰਧਾਨ ਮੁਖੀ ਹੁੰਦਾ ਹੈ ਇਸ ਲਈ ਨੈਤਿਕ ਆਧਾਰ 'ਤੇ ਮੈਂ ਇਸ ਅਹੁਦੇ ਤੋਂ ਅਸਤੀਫਾ ਦਿੰਦਾ ਹਾਂ। ਗੁਰੂ ਸਾਹਿਬ ਕਿਰਪਾ ਕਰਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖਾਂ ਦੀ ਪ੍ਰਬੰਧਕੀ ਸੰਸਥਾ ਹੈ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖਾਂ ਦਾ ਸਿਰਮੌਰ ਤਖ਼ਤ ਹੈ। ਸ਼੍ਰੋਮਣੀ ਅਕਾਲੀ ਦਲ ਵੀ ਇਸੇ ਤਖ਼ਤ ਦੀ ਜਥੇਬੰਦੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖਾਂ ਦੀ ਪ੍ਰਬੰਧਕੀ ਸੰਸਥਾ ਹੈ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖਾਂ ਦਾ ਸਿਰਮੌਰ ਤਖ਼ਤ ਹੈ। ਸ਼੍ਰੋਮਣੀ ਅਕਾਲੀ ਦਲ ਵੀ ਇਸੇ ਤਖ਼ਤ ਦੀ ਜਥੇਬੰਦੀ ਹੈ।

## 18 ਲੋਕਾਂ ਦੀ ਮੌਤ ਦੀ ਵਜ੍ਹਾ ਹੋ ਜਾਵੇਗੀ ਗਾਇਬ ! ਨਵੀਂ ਦਿੱਲੀ ਸਟੇਸ਼ਨ 'ਤੇ ਭਗਦੜ ਦੀਆਂ ਵੀਡੀਓਜ਼ ਹਟਾਉਣ ਲਈ ਰੇਲਵੇ ਨੇ ਐਕਸ ਨੂੰ ਜਾਰੀ ਕੀਤਾ ਨੋਟਿਸ

ਨਵੀਂ ਦਿੱਲੀ, 21 ਫਰਵਰੀ (ਆਵਾਜ਼ਿ ਕੌਮ ਬਿਊਰੋ)ਰੇਲਵੇ ਮੰਤਰਾਲੇ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ ਨੂੰ ਇੱਕ ਨੋਟਿਸ ਜਾਰੀ ਕੀਤਾ ਹੈ ਤੇ ਇਸਨੂੰ



288 ਵੀਡੀਓਜ਼ ਦੇ ਲਿੰਕ ਹਟਾਉਣ ਦਾ ਨਿਰਦੇਸ਼ ਦਿੱਤਾ ਹੈ।ਮੰਤਰਾਲੇ ਨੇ ਇਹ ਨੋਟਿਸ 17 ਫਰਵਰੀ ਨੂੰ ਭੇਜਿਆ ਤੇ ਐਕਸ ਨੂੰ 36 ਘੰਟਿਆਂ ਦੇ ਅੰਦਰ ਘਟਨਾ ਨਾਲ ਸਬੰਧਤ ਸਾਰੇ ਵੀਡੀਓ ਲਿੰਕ ਹਟਾਉਣ ਦਾ ਨਿਰਦੇਸ਼ ਦਿੱਤਾ। ਹਾਲਾਂਕਿ, ਐਕਸ ਵੱਲੋਂ ਰੇਲ ਮੰਤਰਾਲੇ ਦੇ ਪੱਤਰ ਦਾ ਅਜੇ ਤੱਕ ਕੋਈ ਜਵਾਬ ਨਹੀਂ ਦਿੱਤਾ ਗਿਆ ਹੈ ਮੰਤਰਾਲੇ ਦੇ ਨੋਟਿਸ ਵਿੱਚ ਕਿਹਾ ਗਿਆ ਹੈ ਕਿ ਇਹ ਨੈਤਿਕਤਾ ਦੇ ਨਾਲ-ਨਾਲ ਐਕਸ ਦੀ ਸਮੱਗਰੀ ਨੀਤੀ ਦੇ ਵੀ ਵਿਰੁੱਧ ਹੈ। ਸੋਸ਼ਲ ਮੀਡੀਆ 'ਤੇ ਅਜਿਹੇ ਵੀਡੀਓ ਸ਼ੇਅਰ ਕਰਨ ਨਾਲ ਕਾਨੂੰਨ ਵਿਵਸਥਾ ਦੀ ਸਥਿਤੀ ਵਿਗੜ ਸਕਦੀ ਹੈ। ਇਸ ਵੇਲੇ ਟ੍ਰੇਨਾਂ ਵਿੱਚ ਭਾਰੀ ਭੀੜ ਹੈ, ਇਸ ਨੂੰ ਦੇਖਦੇ ਹੋਏ ਰੇਲਵੇ ਸੰਚਾਲਨ ਵੀ ਪ੍ਰਭਾਵਿਤ ਹੋ ਸਕਦਾ ਹੈ। 15 ਫਰਵਰੀ ਨੂੰ ਨਵੀਂ ਦਿੱਲੀ ਰੇਲਵੇ ਸਟੇਸ਼ਨ 'ਤੇ ਭਗਦੜ ਮਚ ਗਈ, ਜਦੋਂ ਕੁੰਭ ਮੇਲੇ ਲਈ ਜਾਣ ਵਾਲੇ ਸ਼ਰਧਾਲੂਆਂ ਦੀ ਵੱਡੀ ਭੀੜ ਉੱਥੇ ਇਕੱਠੀ ਹੋ ਗਈ ਸੀ ਫਿਰ ਸਪੈਸ਼ਲ ਟ੍ਰੇਨਾਂ ਵਿੱਚ ਦੇਰੀ ਤੇ ਪਲੇਟਫਾਰਮ ਬਦਲਣ ਦੇ ਐਲਾਨ ਕਾਰਨ ਸਟੇਸ਼ਨ 'ਤੇ ਭਗਦੜ ਮਚ ਗਈ। ਇਸ ਹਾਦਸੇ ਵਿੱਚ 18 ਲੋਕਾਂ ਦੀ ਮੌਤ ਹੋ ਗਈ। ਜਦੋਂ ਕਿ 15 ਲੋਕ ਜ਼ਖਮੀ ਹੋ ਗਏ। ਨਿਊਜ਼ ਏਜੰਸੀ ਦੇ ਅਨੁਸਾਰ, ਰੇਲਵੇ ਪ੍ਰਸ਼ਾਸਨ ਨੇ ਭਗਦੜ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਦੋ ਮੈਂਬਰੀ ਕਮੇਟੀ ਬਣਾਈ ਹੈ। ਇਸ ਕਮੇਟੀ ਵਿੱਚ ਉੱਤਰੀ ਰੇਲਵੇ ਦੇ PCCM ਨਰਸਿੰਘ ਦੇਵ ਅਤੇ PCSC ਉੱਤਰੀ ਰੇਲਵੇ ਦੇ ਪੰਕਜ ਗੰਗਵਾਰ ਸ਼ਾਮਲ ਹਨ। ਕਮੇਟੀ ਨੂੰ ਨਵੀਂ ਦਿੱਲੀ ਰੇਲਵੇ ਸਟੇਸ਼ਨ ਦੇ ਵੀਡੀਓ ਫੁਟੇਜ ਸਮੇਤ ਸਾਰੇ ਉਪਲਬਧ ਸਬੂਤਾਂ ਦਾ ਵਿਸ਼ਲੇਸ਼ਣ ਕਰਨ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਰੇਲਵੇ ਅਧਿਕਾਰੀਆਂ ਅਨੁਸਾਰ, ਭਗਦੜ ਪਲੇਟਫਾਰਮ ਨੰਬਰ 14 ਅਤੇ 15 ਦੇ ਵਿਚਕਾਰ ਪੌੜੀਆਂ 'ਤੇ ਹੋਈ। ਪਟਨਾ ਵੱਲ ਜਾ ਰਹੀ ਮਗਧ ਐਕਸਪ੍ਰੈਸ ਪਲੇਟਫਾਰਮ 14 'ਤੇ ਖੜ੍ਹੀ ਸੀ, ਜਦੋਂ ਕਿ ਜੰਮੂ ਵੱਲ ਜਾ ਰਹੀ ਉੱਤਰ ਸੰਪਰਕ ਕ੍ਰਾਂਤੀ ਪਲੇਟਫਾਰਮ 15 'ਤੇ ਖੜ੍ਹੀ ਸੀ। ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਯਾਤਰੀ ਫੁੱਟ ਓਵਰ ਬ੍ਰਿਜ ਰਾਹੀਂ ਪਲੇਟਫਾਰਮ ਵੱਲ ਜਾ ਰਹੇ ਸਨ ਤੇ ਪੌੜੀਆਂ ਤੋਂ ਫਿਸਲ ਗਏ, ਜਿਸ ਕਾਰਨ ਹੋਰ ਯਾਤਰੀ ਵੀ ਇਸ ਦੀ ਚਪੇਟ ਵਿੱਚ ਆ ਗਏ।

# AWAZE QAUM TOUR & TRAVEL UK & SINGH TRAVEL CANADA JATHA

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ - YATRA SEWA SINCE 2010

# YATRA NANKANA SAHIB


WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS









## YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

## YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

Yatra Booking, Please contact:

## RAGHBIR SINGH

Tel: +44 7976 210161


CANADA. +1 647-231-1600 - USA. +1 716-342-6007

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


ਖਾਲਸੇ ਸਭ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੀ 400 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ

# ਸਲਾਨਾ ਗੁਰਮਤਿ ਸਮਾਗਮ

# 21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ

ਸਥਾਨ - ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ) ਵਿਖੇ

## ਮਹਾਨ ਨਗਰ ਕੀਰਤਨ
ਮਿਤੀ 22 ਫਰਵਰੀ 2025
ਸਵੇਰੇ 10 ਤੋਂ ਸ਼ਾਮ 5 ਵਜੇ ਤੱਕ

## ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 23 ਫਰਵਰੀ 2025
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ



LIVE ON
Akaal
CHARDIKLA TIME TV
Mr. Singh Production
ਆਵਾਜ਼ਿ ਕੌਮ AWAZE QAUM TV
YouTube
Jathedar Baljit Singh Khalsa Daduwal

ਪ੍ਰਸਿੱਧ ਸਮਾਜਸੇਵੀ ਹਰਵਿੰਦਰ ਸਿੰਘ ਹੈਰੀ ਘੁਮਾਣ USA, ਸ੍ਰੀ ਗੌਰਵ ਧੀਮਾਨ ਰਾਜਪੁਰਾ, ਅਟਾਰਨੀ ਸ਼ੁਬੇਗ ਸਿੰਘ ਮੁਲਤਾਨੀ USA, ਸ. ਸੁਖਦੀਪ ਸਿੰਘ ਓਬਰਾਏ ਚੰਡੀਗੜ, ਜਥੇਦਾਰ ਚਰਨ ਸਿੰਘ ਪ੍ਰੇਮਪੁਰਾ USA,ਪਦਮ ਸ੍ਰੀ ਜਗਜੀਤ ਸਿੰਘ ਦਰਦੀ ਚੜਦੀਕਲਾ ਗਰੁੱਪ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ।

ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ

ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਸੰਪਰਕ ਨੰ: 93560-60960, 93560-60953

ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ
ਚੇਅਰਮੈਨ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ


ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ
ਵਾਲਿਆਂ ਦੇ ਜਨਮ ਅਸਥਾਨ ਗੁ: ਸੰਤ ਖਾਲਸਾ ਪਿੰਡ ਰੋਡੇ ਵਿਖੇ
ਸਲਾਨਾ ਮਹਾਨ
ਗੁਰਮਤਿ ਸਮਾਗਮ
ਮਿਤੀ 16 ਫਰਵਰੀ ਤੋਂ 22 ਫਰਵਰੀ 2025 ਤੱਕ-ਸਮਾਂ ਸ਼ਾਮ 4 ਵਜੇ ਤੋਂ ਸ਼ਾਮ 6 ਵਜੇ ਤੱਕ
ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਸਿੰਘ ਸਾਹਿਬਾਨ ਅਤੇ ਮਹਾਂਪੁਰਸ਼
16, 17 ਫਰਵਰੀ
19 ਫਰਵਰੀ
20 ਫਰਵਰੀ
21 ਫਰਵਰੀ
22 ਫਰਵਰੀ
22 ਫਰਵਰੀ
ਨਗਰ ਕੀਰਤਨ
18 ਫਰਵਰੀ 2025 ਦਿਨ ਮੰਗਲਵਾਰ
ਕਵੀਸ਼ਰੀ ਜੱਥਾ ਜਗਜੀਵਨ ਸਿੰਘ ਰੋਡਿਆਂ ਵਾਲੇ
ਇੱਥੇ ਵਿੱਦਿਆਰਥੀਆਂ ਨੂੰ ਗੁਰਬਾਣੀ ਦੀ ਸੰਥਿਆ ਅਤੇ ਕਥਾ, ਕੀਰਤਨ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ।
ਵਿਸ਼ੇਸ਼ ਨੋਟ: ਹਰ ਸੰਗਰਾਂਦ ਵਾਲੇ ਦਿਨ ਅੰਮ੍ਰਿਤ ਸੰਚਾਰ ਹੁੰਦਾ ਹੈ ਜੀ (ਸਮਾਂ ਸਵੇਰੇ 10:00 ਵਜੇ)
ਬੇਨਤੀ ਕਰਤਾ:- ਸਮੂਹ ਨਗਰ ਨਿਵਾਸੀ, ਨਗਰ ਪੰਚਾਇਤਾਂ ਅਤੇ NRI ਵੀਰ
M. 99157-09468, 97815-52538, 98140-29018


ਨਾਨਕ ਨਾਮ ਚੜ੍ਹਦੀਕਲਾ, ਤੇਰੇ ਭਾਣੇ ਸਰਬੱਤ ਦਾ ਭਲਾ
ਲੋੜਵੰਦ ਪਰਿਵਾਰਾਂ ਦੀਆਂ
72 ਬੱਚੀਆਂ ਦੇ ਸਮੂਹਿਕ ਆਨੰਦ ਕਾਰਜ
51 ਬੱਚੀਆਂ ਦੇ ਅਨੰਦ ਕਾਰਜ
ਮਿਤੀ 12 ਫਰਵਰੀ 2025
ਸਥਾਨ:-
ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ
21 ਬੱਚੀਆਂ ਦੇ ਅਨੰਦ ਕਾਰਜ
ਮਿਤੀ 23 ਫਰਵਰੀ 2025
ਸਥਾਨ:-
ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ
ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ
ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਬੱਚੀਆਂ ਦੇ ਨਾਮ ਦਰਜ ਕਰਾਉਣ ਲਈ ਹੇਠ ਲਿਖੇ
ਨੰਬਰਾਂ ਤੇ ਸੰਪਰਕ ਕੀਤਾ ਜਾਵੇ ਜੀ
93560-60960, 81468-06395, 80540-55473
ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.



## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

# ਇੱਕ ਨਜ਼ਰ ...




## ਖਾਲਸਾ ਕਾਲਜ ਅਤੇ ਕਾਲਜੀਏਟ ਮਹਿਤਾ ਵਿਖੇ ਅੰਤਰ-ਰਾਸ਼ਟਰੀ ਪੰਜਾਬੀ ਮਾਂ ਬੋਲੀ ਦਿਵਸ ਮਨਾਇਆ

ਚੌਕ ਮਹਿਤਾ 21 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) -ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਅਤੇ ਕਾਲਜੀਏਟ ਵਿਖੇ ਵਿਦਿਅਕ ਅਤੇ ਸੱਭਿਆਚਾਰਕ ਮੰਚ ਵੱਲੋਂ ਅੰਤਰ-ਰਾਸ਼ਟਰੀ ਮਾਂ ਬੋਲੀ ਦਿਵਸ ਮਨਾਇਆ ਗਿਆ । ਜਿਸ ਵਿੱਚ ਕਾਲਜ ਦੇ ਹੋਣਹਾਰ ਵਿਦਿਆਰਥੀਆਂ ਨੇ ਪੰਜਾਬੀ ਭਾਸ਼ਾ ਦੇ ਵਿਕਾਸ ਬਾਰੇ ਚਾਨਣਾ ਪਾਇਆ।ਵਿਦਿਆਰਥੀਆਂ ਨੇ ਸੁੰਦਰ ਲਿਖਾਈ, ਸਲੋਗਨ, ਭਾਸ਼ਣ ਕਵਿਤਾਵਾਂ ਅਤੇ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਗੀਤ ਪੇਸ਼ ਕੀਤੇ। ਜਿਸ ਵਿੱਚ ਸੁੰਦਰ ਲਿਖਾਈ ਮੁਕਾਬਲੇ ਵਿੱਚ ਸ਼ਬਨਮਦੀਪ ਕੌਰ ਬੀ.ਸੀ.ਏ ਸਮੈਸਟਰ ਚੌਥਾ ,ਰੌਸ਼ਨੀ ਬੀ.ਸੀ.ਏ ਸਮੈਸਟਰ ਦੂਜਾ, ਮਨਦੀਪ ਕੌਰ ਬੀ.ਕਾਮ ਸਮੈਸਟਰ ਚੌਥਾ ਨੇ ਕ੍ਰਮਵਾਰ ਪਹਿਲਾ ,ਦੂਜਾ ਤੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਸਲੋਗਨ ਮੁਕਾਬਲੇ ਵਿੱਚ ਮਨਪ੍ਰੀਤ ਕੌਰ ਬੀ.ਸੀ.ਏ ਸਮੈਸਟਰ ਛੇਵਾਂ, ਚਾਂਦਨੀ ਬੀ.ਸੀ.ਏ ਸਮੈਸਟਰ ਚੌਥਾ, ਕਿਰਨਪ੍ਰੀਤ ਕੌਰ ਬੀ.ਸੀ.ਏ ਸਮੈਸਟਰ ਦੂਜਾ ਅਤੇ ਜਸ਼ਨਪ੍ਰੀਤ ਕੌਰ ਬੀ.ਕਾਮ ਸਮੈਸਟਰ ਚੌਥਾ ਦੀ ਵਿਦਿਆਰਥਣ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਿਲ ਕੀਤਾ। ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਅੰਤਰਰਾਸ਼ਟਰੀ ਪੰਜਾਬੀ ਮਾਂ ਬੋਲੀ ਦਿਵਸ ਦੀ ਸਭ ਨੂੰ ਮੁਬਾਰਕਬਾਦ ਦਿੰਦੇ ਹੋਇਆ ਮਾਂ ਬੋਲੀ ਪੰਜਾਬੀ ਨੂੰ ਗੁਰੂਆਂ ਤੇ ਸੰਤਾਂ ਦੀ ਭਾਸ਼ਾ ਦੱਸਿਆ। ਪੰਜਾਬੀ ਬੋਲੀ ਦਾ ਵਿਕਾਸ ਕਰਨ ਵਿੱਚ ਜਿੱਥੇ ਸਮੇਂ ਸਮੇਂ ਤੇ ਅਨੇਕਾਂ ਨਾਮਵਰ ਸਾਹਿਤਕਾਰਾਂ ,ਕਵੀਆਂ, ਪੀਰਾਂ- ਫਕੀਰਾਂ, ਸੂਫੀਆਂ ,ਰਹਿਬਰਾਂ ਅਤੇ ਗੀਤਕਾਰਾਂ ਨੇ ਆਪੋ ਆਪਣੀ ਸਮਰੱਥਾ ਤੇ ਸ਼ਕਤੀ ਅਨੁਸਾਰ ਯੋਗਦਾਨ ਪਾਇਆ ਤੇ ਪੰਜਾਬੀ ਮਾਂ ਬੋਲੀ ਦੀ ਰਜਵੀ ਸੇਵਾ ਕੀਤੀ, ਜਿਸ ਦੀ ਬਦੌਲਤ ਪੰਜਾਬੀ ਮਾਂ ਬੋਲੀ ਦੁਨੀਆਂ ਦੇ ਕੋਨੇ-ਕੋਨੇ ਵਿੱਚ ਫੈਲ ਚੁੱਕੀ ਹੈ ਪਰ ਜੋ ਸਤਿਕਾਰ ਪੰਜਾਬੀ ਮਾਂ ਬੋਲੀ ਨੂੰ ਆਪਣੇ ਘਰ ਤੋਂ ਮਿਲਣਾ ਚਾਹੀਦਾ ਸੀ ਉਹ ਦਿਨੋ ਦਿਨ ਘੱਟ ਰਿਹਾ ਕਿਉਂਕਿ ਅੱਜ ਦੇ ਸਮੇਂ ਵਿੱਚ ਪੰਜਾਬੀ ਮਾਂ ਬੋਲੀ ਨੂੰ ਆਪਣੀ ਹੀ ਪੜ੍ਹੀ ਲਿਖੀ ਕੌਮ ਤੋਂ ਖਤਰਾ ਪੈਦਾ ਹੁੰਦਾ ਜਾ ਰਿਹਾ ਹੈ ਹੋਰ ਭਾਸ਼ਾਵਾਂ ਸਿੱਖਣਾ ਮਾੜੀ ਗੱਲ ਨਹੀਂ ਪਰ ਆਪਣੀ ਪੰਜਾਬੀ ਮਾਂ ਬੋਲੀ ਨੂੰ ਵਿਸਾਰ ਦੇਣਾ ਜ਼ਰੂਰ ਗਲਤ ਹੈ। ਉਹਨਾਂ ਨੇ ਵਿਦਿਆਰਥੀਆਂ ਨੂੰ ਇਸ ਗੱਲ ਲਈ ਪ੍ਰੇਰਿਤ ਕੀਤਾ ਕਿ ਅਸੀਂ ਸਾਰੇ ਪੰਜਾਬੀ ਮਾਂ ਬੋਲੀ ਨਾਲ ਵੱਧ ਤੋਂ ਵੱਧ ਪਿਆਰ ਕਰੀਏ ਤੇ ਇਸ ਤੇ ਵਿਕਾਸ ਲਈ ਆਪਣਾ ਬਣਦਾ ਯੋਗਦਾਨ ਪਾ ਕੇ ਪੰਜਾਬੀ ਮਾਂ ਬੋਲੀ ਦਾ ਕਰਜ਼ਾ ਉਤਾਰੀਏ। ਇਸ ਮੌਕੇ 'ਤੇ ਕਾਲਜ ਦੇ ਪ੍ਰਿੰ.ਸ.ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ,ਮੈਡਮ ਕੁਲਦੀਪ ਕੌਰ,ਸ. ਸੁਖਦੇਵ ਸਿੰਘ, ਯਾਦਵਿੰਦਰ ਸਿੰਘ, ਸੁਖਜੀਤ ਸਿੰਘ ,ਮਨਜੀਤ ਕੌਰ,ਗੁਰਵਿੰਦਰ ਕੌਰ, ਗੁਰਸ਼ਰਨਜੀਤ ਕੌਰ, ਸੁਪਰੀਤ ਕੌਰ, ਨਵਨੀਤ ਕੌਰ ,ਰੁਪਿੰਦਰ ਕੌਰ, ਪੂਰਤੀ ਸ਼ਰਮਾ, ਅਮਨਦੀਪ ਕੌਰ ,ਸੁਖਮਨਦੀਪ ਕੌਰ ,ਮਨਪ੍ਰੀਤ ਕੌਰ ,ਬਲਜੀਤ ਕੌਰ,ਅਮਨਦੀਪ ਕੌਰ ,ਰਿਤਿਕਾ,ਕਾਬਲ ਸਿੰਘ ਆਦਿ ਵੀ ਸ਼ਾਮਿਲ ਸਨ।

## ਜਥੇਦਾਰ ਸਾਹਿਬਾਨ ਸ਼੍ਰੋਮਣੀ ਕਮੇਟੀ ਦੇ ਮੁਲਾਜਮ ਨਹੀਂ

ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦਾ ਇਹ ਕਹਿਣਾ ਬਿਲਕੁਲ ਗਲਤ ਹੈ ਕਿ ਸ਼ਰੋਮਣੀ ਕਮੇਟੀ 1925 ਦੇ ਐਕਟ ਅਨੁਸਾਰ ਜਥੇਦਾਰ ਸਾਹਿਬਾਨ ਦੀ ਜਾਂਚ ਕਰਵਾਉਣ ਅਤੇ ਅਹੁਦੇ ਤੋਂ ਹਟਾਉਣ ਦਾ ਹੱਕ ਰਖਦੀ ਹੈ।ਸਵਾਲ ਇਹ ਹੈ ਕਿ ਜਥੇਦਾਰ ਸਾਹਿਬਾਨ ਸ਼ਰੋਮਣੀ ਕਮੇਟੀ ਦੇ ਮੁਲਾਜਮ ਹਨ ?ਇਤਿਹਾਸ ਤੇ ਫਲਸਫੇ



ਅਨੁਸਾਰ ਜਥੇਦਾਰ ਸਾਹਿਬਾਨ ਦੀ ਨਿਯੁਕਤੀ ਅਤੇ ਬਰਖਾਸਤਗੀ ਬੇਸ਼ੱਕ ਸ਼ਰੋਮਣੀ ਕਮੇਟੀ ਕਰਦੀ ਹੈ ਪਰ ਇਸਦੇ ਬਾਵਜੂਦ ਜਥੇਦਾਰ ਸਾਹਿਬਾਨ ਸ਼ਰੋਮਣੀ ਕਮੇਟੀ ਦੇ ਮੁਲਾਜਮ ਨਹੀ ਅਤੇ ਇਹ ਇਤਿਹਾਸਕ ਫੈਸਲਾ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਦੂਰਦ੍ਰਿਸ਼ਟੀ ਵਿਚੋ ਨਿਕਲਿਆ ਹੋਇਆ ਹੈ।ਜਥੇਦਾਰ ਸਾਹਿਬਾਨ ਕਿਸੇ ਰਜਿਸਟਰ ਵਿਚ ਦਸਤਖਤ ਕਰਕੇ ਹਾਜਰੀ ਨਹੀ ਲਾਉਂਦੇ।ਜਥੇਦਾਰ ਸਾਹਿਬਾਨ ਨੂੰ ਤਨਖਾਹ ਨਹੀ ਮਾਣ-ਭੱਤਾ ਮਿਲਦਾ ਹੈ।ਹਰ ਮੁਲਕ ਤੇ ਹਰ ਕੌਮ ਵਿਚ ਇਹੋ ਜਿਹੇ ਅਹੁਦੇ ਹੁੰਦੇ ਹਨ ਜਿਨਾ ਦਾ ਸਤਿਕਾਰ ਕਾਇਮ ਰੱਖਣ ਲਈ ਪ੍ਰਬੰਧ ਕੀਤੇ ਜਾਂਦੇ ਹਨ।ਸਿਖ ਕੌਮ ਵਿਚ ਜਥੇਦਾਰ ਸਾਹਿਬਾਨ ਦੀ ਪਦਵੀ ਬਹੁਤ ਸਨਮਾਨ ਯੋਗ ਹੈ।ਇਸੇ ਕਰਕੇ ਜਥੇਦਾਰ ਟੌਹੜਾ ਮੌਕੇ ਯੋਗ ਪ੍ਰਬੰਧ ਕਰਦਿਆਂ ਮਤਾ ਪਾਸ ਕੀਤਾ ਗਿਆ ਸੀ ਤਾਂਕਿ ਜਥੇਦਾਰ ਸਾਹਿਬਾਨ ਦੇ ਰੁਤਬੇ ਦੀ ਸ਼ਾਨ ਬਣੀ ਰਹੇ।ਜੇ ਕਿਸੇ ਜਥੇਦਾਰ ਦਾ ਕੋਈ ਵਿਵਾਦ ਹੋਵੇ ਤਾਂ ਜਿਵੇ ਜਥੇਦਾਰ ਰਘਵੀਰ ਸਿੰਘ ਨੇ ਕਿਹਾ ਹੈ,ਅਕਾਲ ਤਖਤ ਸਾਹਿਬ ਵਲੋ ਜਾਂਚ ਹੋ ਸਕਦੀ ਹੈ ਪਰ ਸ਼ਰੋਮਣੀ ਕਮੇਟੀ ਦਾ ਇਹ ਅਧਿਕਾਰ ਨਹੀ। ਗਿਆਨੀ ਹਰਪ੍ਰੀਤ ਸਿੰਘ ਨੂੰ ਅਹੁਦੇ ਤੋ ਲਾਹੁਣ ਲਈ ਸ਼ਰੋਮਣੀ ਕਮੇਟੀ ਵਲੋ ਜਾਂਚ ਕਮੇਟੀ ਬਣਾਉਣੀ ਅਕਾਲ ਤਖਤ ਸਾਹਿਬ ਦੇ ਅਧਿਕਾਰ ਖੇਤਰ ਉਤੇ ਡਾਕਾ ਹੈ।ਜਥੇਦਾਰ ਰਘਵੀਰ ਸਿੰਘ ਬਿਲਕੁਲ ਵਾਜਬ ਵਿਰੋਧ ਕਰ ਰਹੇ ਹਨ।ਪਰ ਸੁਖਬੀਰ ਸਿੰਘ ਬਾਦਲ ਅਤੇ ਉਨਾ ਦੀ ਜੁੰਡਲੀ ਨੂੰ ਕੱਖ ਪਰਵਾਹ ਨਹੀ।ਹੁਣ ਜਾਪਦਾ ਹੈ ਕਿ ਗਿਆਨੀ ਰਘਬੀਰ ਸਿੰਘ ਉਤੇ ਦਬਾਅ ਪਾਇਆ ਜਾਵੇਗਾ ਅਤੇ ਧਾਮੀ ਸਾਹਿਬ ਦਾ ਅਸਤੀਫਾ ਰੱਦ ਕਰਵਾਉਣ ਲਈ ਅਖਵਾਇਆ ਜਾਵੇਗਾ ਕਿ ਗਿਆਨੀ ਹਰਪ੍ਰੀਤ ਸਿੰਘ ਖਿਲਾਫ ਅੰਤ੍ਰਿੰਗ ਕਮੇਟੀ ਦੀ ਕਾਰਵਾਈ ਜਾਇਜ ਹੈ।ਪਰ ਹਕੀਕਤ ਸਪੱਸ਼ਟ ਹੈ ਕਿ ਇਹ ਧੱਕੇਸ਼ਾਹੀ ਹੈ ਤੇ ਸਿਖ ਸਿਧਾਂਤ ਰੋਲੇ ਜਾ ਰਹੇ ਹਨ।-ਕਰਨੈਲ ਸਿੰਘ ਪੰਜੋਲੀ

## ਕਿਲਾ ਬਟੂਹਾ ਵਿਖੇ ਬਾਬਾ ਮੇਹਰ ਦਾਸ ਕਲੱਬ ਵੱਲੋਂ ਫੁੱਟਬਾਲ ਟੂਰਨਾਮੈਂਟ ਅੱਜ: ਸਰਪੰਚ ਕਾਲਾ ਬਟੂਹਾ

ਸੇਰਪੁਰ, 21 ਫਰਵਰੀ ( ਰਣਜੀਤ ਸਿੰਘ ਪੇਧਨੀ )- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕਾ ਧੂਰੀ ਵਿੱਚ ਪੈਂਦੇ ਪਿੰਡ ਬਟੂਹਾ ਵਿਖੇ ਕੌਮੀ ਸਹੀਦ ਦੀਪ ਸਿੱਧੂ ਅਤੇ ਐਨ ਆਰ ਆਈ ਭਰਾਵਾਂ ਦੇ ਸਹਿਯੋਗ ਨਾਲ ਬਾਬਾ ਮੇਹਰ ਦਾਸ ਕਲੱਬ ਵੱਲੋਂ ਚੌਥਾਂ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ 22 ਫਰਵਰੀ ਨੂੰ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨੌਜਵਾਨ ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ ਨੇ ਕੀਤਾ। ਉਨ੍ਹਾਂ ਕਿਹਾ ਕਿ ਗ੍ਰਾਮ ਪੰਚਾਇਤ, ਸਮੂਹ ਨਗਰ ਨਿਵਾਸੀਆਂ, ਐਨ ਆਰ ਆਈ ਵੀਰਾਂ ਤੇ ਇਲਾਕੇ ਦੇ ਸਹਿਯੋਗ ਨਾਲ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਸ ਵਿੱਚ ਫੁੱਟਬਾਲ ਖਿਡਾਰੀਆਂ ਨੂੰ ਦਿਲ ਖਿੱਚਵੇਂ ਇਨਾਮ ਦਿੱਤੇ ਜਾਣਗੇ।ਇਹ ਟੂਰਨਾਮੈਂਟ ਪਿੰਡ ਕਿਲਾ ਬਟੂਹਾ ਦੇ ਗਰਾਉਂਡ ਵਿੱਚ ਕਰਵਾਇਆ ਜਾਵੇਗਾ, ਫੁੱਟਬਾਲ ਦੀਆਂ ਟੀਮਾਂ ਸਮੇਂ ਸਿਰ ਆਪਣੀਆਂ ਟੀਮਾਂ ਇੰਟਰ ਕਰਵਾਉਣ। ਉਨ੍ਹਾਂ ਕਿਹਾ ਕਿ ਇਸ ਟੂਰਨਾਮੈਂਟ ਵਿੱਚ ਮੁੱਖ ਮੰਤਰੀ ਦੇ ਦਫ਼ਤਰ ਇੰਚਾਰਜ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਚੇਅਰਮੈਨ ਸ, ਦਲਵੀਰ ਸਿੰਘ ਢਿੱਲੋ ਵਿਸ਼ੇਸ਼ ਤੌਰ ਤੇ ਹਾਜਰੀ ਭਰਨਗੇ।ਇਸ ਮੌਕੇ ਹਰਜਿੰਦਰ ਸਿੰਘ ਪੰਚ, ਰਣਜੀਤ ਸਿੰਘ ਪੰਚ, ਹਰਜਿੰਦਰ ਸਿੰਘ ਪੰਚ ,ਅਮਰਜੋਤ ਕੌਰ ਪੰਚ, ਰਣਜੀਤ ਸਿੰਘ ਪੰਚ, ਕਰਮਜੀਤ ਕੌਰ ਪੰਚ, ਰਿਕੂ ਕੌਰ ਹਾਜ਼ਰ ਸਨ।

ਨਨਕਾਣਾ ਸਾਹਿਬ ਯਾਤਰਾ ਕਮੇਟੀ ਵੱਲੋਂ 'ਪੰਜ ਤਖ਼ਤਾਂ ਅਤੇ ਹੋਰ ਗੁਰਦੁਆਰੇ ਗੁਰਧਾਮਾਂ' 2025 ਦੀ ਸਾਲਾਨਾ ਯਾਤਰਾ ਆਰੰਭ

# ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਪੰਜ ਤਖ਼ਤ ਯਾਤਰਾ ਦੀ ਆਰੰਭਤਾ ਲਈ ਅਰਦਾਸ ਕੀਤੀ

















## ਗਿਆਨੀ ਰਾਜਪਾਲ ਸਿੰਘ ਬੋਪਾਰਾਏ ਯਾਤਰਾ ਦੌਰਾਨ ਗੁਰਬਾਣੀ ਕਥਾ-ਇਤਿਹਾਸ ਦੇ ਨਾਲ ਨਿਹਾਲ ਕਰਨਗੇ


ਜਲੰਧਰ, 21 ਫਰਵਰੀ ( ਆਵਾਜ਼ਿ ਕੌਮ ਬਿਊਰੋ)- ਨਨਕਾਣਾ ਸਾਹਿਬ ਯਾਤਰਾ ਕਮੇਟੀ, ਯੂਕੇ ਵੱਲੋਂ ਇੰਟਰਨੈਸ਼ਨਲ ਪੰਥਕ ਦਲ ਦੇ ਸਹਿਯੋਗ ਨਾਲ ਸਾਲਾਨਾ ਯਾਤਰਾ ਦੀ ਸ਼ੁਰੂਆਤ ਗੁਰਦੁਆਰਾ ਸਾਹਿਬ ਨੌਵੀਂ ਪਾਤਸ਼ਾਹੀ ਦੂਖ ਨਿਵਾਰਣ ਸਾਹਿਬ, ਜਲੰਧਰ ਤੋਂ ਕੀਤੀ ਗਈ। ਪੰਜਾਬ ਦੀ ਸੰਗਤ ਦੇ ਨਾਲ-ਨਾਲ ਇੰਗਲੈਂਡ, ਕੈਨੇਡਾ, ਅਮਰੀਕਾ, ਪੰਜਾਬ, ਹਰਿਆਣਾ, ਰਾਜਸਥਾਨ ਆਦਿ ਤੋਂ ਯਾਤਰਾ ਵਿਚ ਸ਼ਾਮਲ ਹੋਣ ਲਈ ਪੁੱਜੇ ਸਿੱਖ ਸ਼ਰਧਾਲੂਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿਚ ਯਾਤਰਾ ਦੀ ਆਰੰਭਤਾ ਲਈ ਅਰਦਾਸ ਸਿੰਘ ਸਾਹਿਬ ਜਥੇਦਾਰ ਜਸਵੀਰ ਸਿੰਘ ਰੋਡੇ ਨੇ ਕੀਤੀ। ਯਾਤਰਾ ਕਮੇਟੀ ਦੇ ਪ੍ਰਮੁੱਖ ਮੈਂਬਰ ਭਾਈ ਰਘਬੀਰ ਸਿੰਘ ਮਾਲੜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਿਕ ਹਰ ਸਾਲ ਵਾਂਗ ਯਾਤਰਾ ਦਾ ਉਪਰਾਲਾ ਕੀਤਾ ਗਿਆ। ਇਸ ਮੌਕੇ ਸਿੰਘ ਸਾਹਿਬ ਜਥੇਦਾਰ ਰੋਡੇ ਨੇ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਜਲੰਧਰ ਵਿਖੇ ਸੰਬੋਧਨ ਕਰਦਿਆਂ ਸੰਗਤਾਂ ਨੂੰ ਯਾਤਰਾ ਦੌਰਾਨ ਨਾਮ ਸਿਮਰਨ ਕਰਦਿਆਂ, ਸਮੇਂ ਅਤੇ ਅਨੁਸ਼ਾਸ਼ਨ ਦਾ ਧਿਆਨ ਰੱਖਣ ਅਤੇ ਇਕ ਦੂਜੇ ਦੇ ਸਹਿਯੋਗੀ ਬਣ ਕੇ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਦੀਦਾਰ ਕਰਨ ਲਈ ਪ੍ਰੇਰਨਾ ਕੀਤੀ। ਲਗਜ਼ਰੀ ਏਸੀ ਬੱਸ ਰਾਹੀਂ 51 ਸ਼ਰਧਾਲੂ ਇਸ ਯਾਤਰਾ ਲਈ ਰਵਾਨਾ ਹੋਏ। ਜ਼ਿਕਰਯੋਗ ਹੈ ਕਿ ਇਸ ਯਾਤਰਾ ਦੌਰਾਨ ਸਿੱਖ ਪੰਥ ਦੇ ਪੰਜਾਂ ਤਖ਼ਤਾਂ-ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਤਖ਼ਤ ਸੱਚਖੰਡ ਨੰਦੇੜ ਸ੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਇਤਿਹਾਸਕ ਗੁਰਦੁਆਰਿਆਂ ਗੁਰਧਾਮਾਂ ਦੇ ਦਰਸ਼ਨ ਕਰਵਾਉਣ ਦੇ ਨਾਲ-ਨਾਲ ਇਨ੍ਹਾਂ ਅਸਥਾਨਾਂ ਦੀ ਇਤਿਹਾਸਕ ਮਹੱਤਤਾ ਦੀ ਪੂਰੀ-ਪੂਰੀ ਜਾਣਕਾਰੀ ਦਿੱਤੀ ਜਾਂਦੀ ਹੈ। ਭਾਈ ਮਾਲੜੀ ਨੇ ਦੱਸਿਆ ਕਿ ਗਿਆਨੀ ਰਾਜਪਾਲ ਸਿੰਘ ਬੋਪਾਰਾਏ ਕਥਾਵਾਚਕ ਗੁਰਦੁਆਰਾ ਸ਼ਹੀਦਾਂ ਤੱਲ੍ਹਣ ਹਰ ਵਰ੍ਹੇ ਦੀ ਤਰ੍ਹਾਂ ਇਸ ਵਾਰੀ ਵੀ ਯਾਤਰਾ ਦੌਰਾਨ ਗੁਰਦੁਆਰੇ-ਗੁਰਧਾਮਾਂ ਦੇ ਇਤਿਹਾਸ ਸਬੰਧੀ ਜਾਣਕਾਰੀ ਦੇਣ ਲਈ ਸੰਗਤਾਂ ਦੇ ਨਾਲ ਰਹਿਣਗੇ ਅਤੇ ਸਫਰ ਦੇ ਦੌਰਾਨ ਗੁਰਬਾਣੀ, ਗੁਰਮਤਿ ਵਿਚਾਰਾਂ ਅਤੇ ਇਤਿਹਾਸ ਦੀ ਕਥਾ ਵੀ ਵੱਖ-ਵੱਖ ਗੁਰਦੁਆਰਿਆਂ ਦੀਆਂ ਸਟੇਜਾਂ ਤੋਂ ਸੰਗਤਾਂ ਨੂੰ ਸ੍ਰਵਣ ਕਰਵਾਉਣਗੇ। ਜਲੰਧਰ ਤੋਂ ਆਰੰਭ ਹੋਈ ਇਸ ਯਾਤਰਾ ਦਾ ਰਸਤੇ ਵਿੱਚ ਬਾਬਾ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਦੋਆਬਾ ਵੱਲੋਂ ਸੁਆਗਤ ਕਰਦਿਆਂ ਗੁਰੂ ਕੇ ਲੰਗਰ ਦੀ ਸੇਵਾ ਕੀਤੀ ਗਈ। ਸ਼ਾਮ ਦੇ ਵਕਤ ਯਾਤਰੂ ਜੱਥੇ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਰਾਤ ਦਾ ਵਿਸ਼ਰਾਮ ਕੀਤਾ। ਇਸ ਮੌਕੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਨੇ ਸੰਗਤਾਂ ਦੇ ਰਹਿਣ ਲਈ ਵਧੀਆ ਖਾਸ ਪ੍ਰਬੰਧ ਕੀਤਾ ਅਤੇ ਸੰਗਤਾਂ ਨੂੰ ਲੋਕਲ ਗੁਰਧਾਮਾਂ ਦੇ ਦਰਸ਼ਨ ਵੀ ਕਰਵਾਏ। ਅਤੇ ਯਾਤਰਾ ਕਮੇਟੀ ਦੀ ਪ੍ਰਬੰਧਕ ਬੀਬੀ ਇਕਬਾਲ ਕੌਰ ਬੱਲ ਅਤੇ ਬੀਬੀ ਜਸਵਿੰਦਰ ਕੌਰ ਥਾਂਦੀ ਨੇ ਜਾਣਕਾਰੀ ਦਿੱਤੀ ਕਿ ਵੱਖ-ਵੱਖ ਗੁਰ-ਅਸਥਾਨਾਂ ਅਤੇ ਪੰਜਾਂ ਤਖਤਾਂ ਦੇ ਦਰਸ਼ਨ ਕਰਨ ਉਪਰੰਤ 12 ਮਾਰਚ 2025 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਯਾਤਰਾ ਦੀ ਸਮਾਪਤੀ ਦੀ ਅਰਦਾਸ ਹੋਵੇਗੀ। ਯਾਤਰਾ ਦੇ ਯਾਦਗਾਰੀ ਪਲਾਂ ਦਾ ਪ੍ਰਸਾਰਣ ਭਾਈ ਗੁਰਪ੍ਰੀਤ ਸਿੰਘ ਗੋਪੀ ਵੱਲੋਂ ਆਵਾਜ਼ਿ-ਕੌਮ ਟੀਵੀ ਰਾਹੀਂ ਕੀਤਾ ਜਾ ਰਿਹਾ ਹੈ। ਯਾਤਰਾ ਵਿਚ ਬੀਬੀ ਪਰਮਜੀਤ ਕੌਰ ਮਾਲੜੀ, ਬੀਬੀ ਨਿਰਮਲ ਕੌਰ ਯੂ ਐੱਸ ਏ, ਬੀਬੀ ਗੁਰਦੀਪ ਕੌਰ ਯੂ ਐੱਸ ਏ, ਬੀਬੀ ਭਜਨ ਕੌਰ ਬੈਂਸ, ਬੀਬੀ ਹਰਭਜਨ ਕੌਰ ਢੰਡਾ, ਬੀਬੀ ਕਸ਼ਮੀਰ ਕੌਰ ਲੈਸਟਰ, ਗੁਰਬਖਸ਼ ਕੌਰ ਖੰਗੂੜਾ ਲੈਸਟਰ, ਮਨਜੀਤ ਕੌਰ ਯੂਬਾ ਸਿਟੀ, ਬੀਬੀ ਸਕਿੰਦਰਦੀਪ ਕੌਰ ਕੈਨੇਡਾ, ਅਮਰੀਕ ਸਿੰਘ ਕਵੈਂਟਰੀ, ਜੋਗਾ ਸਿੰਘ ਥਾਂਦੀ, ਬਲਵੰਤ ਸਿੰਘ ਵੁਲਵਰਹੈਂਪਟਨ, ਮੋਹਨ ਸਿੰਘ ਕਵੈਂਟਰੀ, ਗੁਰਪ੍ਰੀਤ ਸਿੰਘ ਬਾਸੀ ਕੈਨੇਡਾ, ਡਰਾਈਵਰ ਕਰਨੈਲ ਸਿੰਘ ਕਾਲਾ, ਡਾਕਟਰ ਦਲਬੀਰ ਸਿੰਘ, ਕਪਿਲਦੇਵ ਸੋਨੂੰ, ਸੰਜੂ ਮਾਲੜੀ ਆਦਿ ਹੋਰਨਾਂ ਸੰਗਤਾਂ ਸਮੇਤ ਸ਼ਾਮਿਲ ਹੋਏ।

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀਆਂ ਸਿੰਘ ਸਿੰਘਣੀਆਂ

• ਸ਼ਹੀਦੀ ਸਾਕਾ : ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ • ਸ਼ਹੀਦੀ ਸਾਕਾ : ਸ੍ਰੀ ਗੰਗਸਰ ਸਾਹਿਬ ਜੈਤੋ ਦੇ ਮੋਰਚੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 22 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 23 ਫਰਵਰੀ 2025 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਰੂਪ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇਨ੍ਹਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap 26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਇੱਕ ਨਜ਼ਰ...





## ਮਿਸਲ ਸਤਲੁਜ ਵਲੋਂ ਠੇਠਰ ਕਲਾਂ 'ਚ ਆਯੋਜਤ ਕੀਤਾ ਜਾ ਰਿਹਾ ਪੰਥਕ ਪੜਾਅ ਵਿਚ ਲੋਕਾਂ ਦਾ ਉਤਸ਼ਾਹ ਜਾਰੀ

### ਸਿੱਖ ਇਤਿਹਾਸ, ਗੱਤਕਾ, ਅਤੇ ਨਸ਼ਿਆਂ ਖਿਲਾਫ਼ ਜਾਗਰੂਕਤਾ 'ਤੇ ਕੇਂਦਰਿਤ

ਅੰਮ੍ਰਿਤਸਰ, 21 ਫਰਵਰੀ(ਆਵਾਜ਼ਿ ਕੌਮ ਬਿਊਰੋ)- ਮਿਸਲ ਸਤਲੁਜ ਵਲੋਂ ਪੰਥਕ ਪੜਾਅ ਪ੍ਰੋਗਰਾਮ ਤਹਿਤ ਪਹਿਲਾ ਪੰਥਕ ਪੜਾਅ ਗੁਰੂਦਵਾਰਾ ਪਾਤਸ਼ਾਹੀ ਪੰਜਵੀਂ, ਠੇਠਰ ਕਲਾਂ (ਜਿਲਾ ਫਿਰੋਜ਼ਪੁਰ) ਵਿੱਚ ਲੋਕਾਂ ਦਾ ਉਤਸ਼ਾਹ ਜਾਰੀ ਹੈ। । ਇਹ ਪੰਜ ਰੋਜ਼ਾ ਪ੍ਰੋਗਰਾਮ 18 ਤਾਰੀਖ ਤੋਂ 22 ਤਾਰੀਖ ਤਕ ਜਾਰੀ ਹੈ ਜਿਸ ਵਿੱਚ ਬੱਚਿਆਂ ਅਤੇ ਨੌਜਵਾਨਾਂ ਨੂੰ ਸਿੱਖ ਇਤਿਹਾਸ, ਗੱਤਕੇ ਦੀ ਟ੍ਰੇਨਿੰਗ, ਦਸਤਾਰ ਬੰਨਣ ਦੀ ਸਿਖਲਾਈ ਅਤੇ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਮੁਹਿੰਮ ਵਿੱਚ ਸ਼ਮੂਲਤ ਕੀਤਾ ਗਿਆ ਹੈ ਗੱਤਕੇ ਦੀ ਟ੍ਰੇਨਿੰਗ ਅਤੇ ਦਸਤਾਰ ਸਿਖਲਾਈ ਨੇ ਵਿਸ਼ੇਸ਼ ਤੌਰ 'ਤੇ ਬੱਚਿਆਂ ਵਿੱਚ ਉਤਸ਼ਾਹ ਜਗਾਇਆ। ਖ਼ਾਸ ਕਰਕੇ ਬੱਚੀਆਂ ਵੱਲੋਂ ਗੱਤਕਾ ਸਿੱਖਣ ਵਿੱਚ ਵਧੇਰੇ ਚਾਅ ਵੇਖਣ ਨੂੰ ਮਿਲਿਆ ਪ੍ਰੋਗਰਾਮ ਦੇ ਪਹਿਲੇ ਦਿਨ ਬਾਬਾ ਜੀ ਅਵਤਾਰ ਸਿੰਘ ਸਾਧਾਂ ਵਾਲਿਆਂ ਨੇ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਹਰ ਰਾਤ ਨਸ਼ਿਆਂ ਖ਼ਿਲਾਫ਼ ਤਿਆਰ ਕੀਤੀਆਂ ਗਈਆਂ ਖ਼ਾਸ ਦਸਤਾਵੇਜ਼ੀ ਫਿਲਮਾਂ ਦਿਖਾਈਆਂ ਗਈਆਂ ਜਿਨ੍ਹਾਂ ਨੇ ਨੌਜਵਾਨਾਂ 'ਚ ਜਾਗਰੂਕਤਾ ਪੈਦਾ ਕੀਤੀ ਗਈ 19 ਤਾਰੀਕ ਨੂੰ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਇਕ ਨਾਟਕ ਵੀ ਪ੍ਰਦਰਸ਼ਿਤ ਕੀਤਾ ਗਿਆ ਜੋ ਸੰਗਤਾਂ ਲਈ ਸਿੱਖਿਆਵਹੀਕ ਸਾਬਤ ਹੋਇਆ ਉੱਘੇ ਵਿਦਵਾਨ ਅਤੇ ਸਿੱਖ ਇਤਹਾਸਕਾਰ ਡਾ. ਸੁਖਪ੍ਰੀਤ ਸਿੰਘ ਉਦੋਕੇ ਨੇ 'ਬਾਬਾਣੀਆਂ ਕਹਾਣੀਆਂ' ਲੜੀ ਤਹਿਤ ਸੰਗਤਾਂ ਨੂੰ ਸਿੱਖ ਇਤਿਹਾਸ ਦੇ ਸੋਨੇਮੜੀਆਂ ਸਫ਼ਿਆਂ ਨਾਲ ਰੂਬਰੂ ਕਰਵਾਇਆ। ਇਹ ਸੈਸ਼ਨ ਨੌਜਵਾਨਾਂ ਵਿੱਚ ਆਪਣੇ ਮੂਲਾਂ ਅਤੇ ਧਰਮ ਪ੍ਰਤੀ ਗਹਿਰੀ ਰੁਚੀ ਪੈਦਾ ਕਰਨ ਵਿੱਚ ਕਾਮਯਾਬ ਰਿਹਾ ਹੈ ਮਿਸਲ ਸਤਲੁਜ ਦੇ ਪ੍ਰਧਾਨ ਅਜੇਪਾਲ ਸਿੰਘ ਨੇ "ਕਿਛੁ ਸੁਣੀਐ ਕਿਛੁ ਕਹੀਐ" ਪ੍ਰੋਗਰਾਮ ਤਹਿਤ ਨੌਜਵਾਨਾਂ ਨਾਲ ਖੁੱਲੀ ਵਿਚਾਰ-ਚਰਚਾ ਕੀਤੀ। ਇਸ ਦੌਰਾਨ, ਪੰਜਾਬ ਦੀ ਆਰਥਿਕ ਮਜ਼ਬੂਤੀ ਅਤੇ ਨੌਜਵਾਨਾਂ ਦੇ ਪ੍ਰਸ਼ਨਾਂ ਦੇ ਉੱਤਰ ਵੀ ਦਿੱਤੇ ਗਏ ਮਿਸਲ ਸਤਲੁਜ ਦੇ ਜਰਨਲ ਸਕੱਤਰ ਦੇਵਿੰਦਰ ਸਿੰਘ ਸੇਖੋਂ ਨੇ ਦੱਸਿਆ ਕਿ ਇਹ ਪੰਥਕ ਪੜਾਅ ਮਿਸਲ ਸਤਲੁਜ ਦੀ ਲੜੀ ਦੇ ਪਹਿਲੇ ਕਦਮ ਹੈ। ਇਸ ਲੜੀ ਨੂੰ ਅਗੇ ਵਧਾਉਂਦੇ ਹੋਏ ਆਉਣ ਵਾਲੇ ਸਾਲ ਵਿੱਚ ਪੰਜਾਬ ਦੇ ਵੱਖ-ਵੱਖ ਇਲਾਕਿਆਂ 'ਚ 100 ਗੁਰਮਤਿ ਕੈਂਪ ਲਗਾਏ ਜਾਣਗੇ। ਉਨ੍ਹਾਂ ਨੇ ਕਿਹਾ, "ਇਸ ਯਤਨ ਦਾ ਮਕਸਦ ਬੱਚਿਆਂ ਅਤੇ ਨੌਜਵਾਨਾਂ ਨੂੰ ਸਿੱਖ ਇਤਿਹਾਸ ਅਤੇ ਰਿਵਾਇਤ ਨਾਲ ਜੋੜ ਕੇ ਗੁਰਮਤਿ ਦੇ ਰਾਹ 'ਤੇ ਤੋਰਨਾ ਹੈ ਤਾਂ ਜੋ ਉਹ ਨਸ਼ਿਆਂ ਅਤੇ ਹੋਰ ਅਲਾਮਤਾਂ ਤੋਂ ਬਚ ਸਕਣ ਇਸ ਪ੍ਰੋਗਰਾਮ ਨੇ ਪਿੰਡ ਠੇਠਰ ਕਲਾਂ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸਿਰਫ ਧਾਰਮਿਕ ਜਾਗਰੂਕਤਾ ਹੀ ਨਹੀਂ ਫੈਲਾਈ, ਸਗੋਂ ਸਮਾਜਿਕ ਸੋਧ ਲਈ ਵੀ ਇਕ ਨਵਾਂ ਰਾਹ ਦਿਖਾਇਆ।

## ਅਕਾਲੀ ਆਗੂ ਭੂੰਦੜ ਅਤੇ ਚੀਮਾ ਅਕਾਲ ਤਖ਼ਤ ਨਾਲ ਮੱਥਾ ਲਾਉਣ ਤੋ ਗਰੇਜ਼ ਕਰਨ.. ਯੂਰਪੀਨ ਸਿੱਖ ਕੌਂਸਿਲ







**ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ**

ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਅਤੇ ਹੋਰ ਸਿੰਘ ਸਹਿਬਾਨ ਵਲੋਂ ਜੋ 2 ਦਸੰਬਰ ਨੂੰ ਅਕਾਲ ਤਖਤ ਸਾਹਿਬ ਤੋ 7 ਮੇਂਬਰੀ ਕਮੇਟੀ ਨੂੰ ਅਕਾਲੀ ਦਲ ਦੀ ਨਵੀਂ ਭਰਤੀ ਕਰਨ ਦੇ ਜੋ ਆਦੇਸ਼ ਜਾਰੀ ਕੀਤੇ ਗਏ ਸਨ ਉਹਨਾਂ ਆਦੇਸ਼ਾਂ ਦੀ ਪ੍ਰਵਾਹ ਨਾ ਕਰਦਿਆਂ ਹੋਇਆ 7 ਮੇਂਬਰੀ ਕਮੇਟੀ ਨੂੰ ਦਰ ਕਿਨਾਰ ਕਰਕੇ ਦਲਜੀਤ ਸਿੰਘ ਚੀਮਾ ਅਤੇ ਬਲਵਿੰਦਰ ਸਿੰਘ ਭੂੰਦੜ ਵਲੋਂ ਆਪਣੇ ਤੋਰ ਤੇ ਜਾਅਲੀ ਭਰਤੀ ਕਰਕੇ ਜੋ ਅਕਾਲ ਤਖ਼ਤ ਦੀ ਮਾਣ ਮਰਯਾਦਾ ਨੂੰ ਢਾਹ ਲਾਈ ਹੈ ਜਿਸ ਨਾਲ ਦੁਨੀਆਂ ਭਰ ਦੇ ਸਿੱਖਾਂ ਵਿੱਚ ਰੋਸ ਪਾਇਆ ਜਾ ਰਿਹਾ ਅਤੇ ਸਿੰਘ ਸਾਹਿਬ ਜਥੇਦਾਰ ਗਿਆਨੀ ਰਘਵੀਰ ਸਿੰਘ ਤੇ ਵੱਖ ਵੱਖ ਤਰੀਕਿਆਂ ਨਾਲ ਦਬਾਅ ਬਣਾਇਆ ਜਾ ਰਿਹਾ ਬਹੁਤ ਹੀ ਨਿੰਦਣ ਯੋਗ ਹੈ ਸਿੱਧੀ ਸਿੱਧੀ ਅਕਾਲ ਤਖਤ ਸਾਹਿਬ ਨੂੰ ਇਹਨਾਂ ਆਗੂਆਂ ਵਲੋਂ ਚੰਣੌਤੀ ਦਿੱਤੀ ਜਾ ਰਹੀ ਹੈ ਜ਼ੇਕਰ ਇਹਨਾਂ ਆਗੂਆਂ ਵਲੋਂ 7 ਮੇਂਬਰੀ ਕਮੇਟੀ ਦੇ ਫੈਸਲੇ ਅਨੁਸਾਰ ਭਰਤੀ ਨਾ ਕਰਵਾਈ ਅਤੇ ਸਿੰਘ ਸਾਹਿਬਾਨ ਦੇ ਆਦੇਸ਼ ਨੂੰ ਦਰਕਿਨਾਰ ਕਰਨ ਦੀ ਕੋਸ਼ਿਸ ਕੀਤੀ ਤਾ ਸਿੱਖ ਕੌਮ ਇਹਨਾਂ ਨੂੰ ਕਦੇ ਮਾਫ ਨਹੀਂ ਕਰੇਗੀ ਯੂਰਪੀਨ ਸਿੱਖ ਕੌਂਸਿਲ ਫਰਾਂਸ ਦੇ ਮੁੱਖ ਸੇਵਾਦਾਰ ਭਾਈ ਬਸੰਤ ਸਿੰਘ ਪੰਜਹੱਥਾ ਆਸਟਰੀਆ ਤੋਂ ਭਾਈ ਜਗਤਾਰ ਸਿੰਘ ਬੰਗਾ ਅਤੇ ਭਾਈ ਰੇਸ਼ਮ ਸਿੰਘ ਬੈਲਜੀਅਮ ਆਗੂਆਂ ਵਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਵੀਰ ਸਿੰਘ ਅਤੇ ਬਾਕੀ ਸਿੰਘ ਸਹਿਬਾਨਾ ਵਲੋਂ ਜੋ ਫੈਸਲੇ ਲਏ ਗਏ ਹਨ ਉਹਨਾਂ ਦੀ ਸ਼ਲਾਂਘਾ ਕੀਤੀ ਸਾਰੀ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਸਿੰਘ ਸਹਿਬਾਨ ਜੀ ਦਾ ਡੱਟ ਕੇ ਸਾਥ ਦੇਣ ਉਪਰੋਕਤ ਆਗੂਆਂ ਵਲੋਂ ਕਿਹਾ ਗਿਆ ਕੇ ਇਤਿਹਾਸ ਗਵਾਹ ਹੈ ਜਿਸ ਨੇ ਵੀ ਅਕਾਲ ਤਖਤ ਨਾਲ ਮੱਥਾ ਲਾਇਆ ਉਸਨੂੰ ਮੂੰਹ ਦੀ ਖਾਣੀ ਪਈ ਹੈ ਪਰ ਸ਼੍ਰੋਮਣੀ ਕਮੇਟੀ ਅਤੇ ਅਖੌਤੀ ਆਗੂਆਂ ਵਲੋਂ ਵਲੋਂ ਜਬਰਦਸਤੀ ਜਥੇਦਾਰਾਂ ਤੇ ਦਬਾਅ ਬਣਾ ਇਲਜਾਮਬਾਜੀ ਕਰਕੇ ਸਿੰਘ ਸਹਿਬਾਨ ਨੂੰ ਸੇਵਾ ਮੁਕਤ ਕਰਕੇ ਛੁੱਟੀ ਕੀਤੀ ਜਾ ਰਹੀ ਹੈ ਸਿੱਖ ਕੌਮ ਕਦਾਚਿਤ ਵੀ ਬਰਦਾਸ਼ਤ ਨਹੀਂ ਕਰੇਗੀ ਯੂਰਪੀਨ ਸਿੱਖ ਕੌਸ਼ਿਲ ਦੇ ਮੁੱਖ ਸੇਵਾਦਾਰ ਬਸੰਤ ਸਿੰਘ ਪੰਜਹੱਥਾਂ ਫਰਾਂਸ ਅਤੇ ਭਾਈ ਜਗਤਾਰ ਸਿੰਘ ਬੰਗਾ ਆਸਟਰੀਆ ਭਾਈ ਰੇਸ਼ਮ ਸਿੰਘ ਬੈਲਜੀਅਮ ਵਲੋਂ ਇਹ ਬਿਆਨ ਪ੍ਰੈਸ ਨੂੰ ਜਾਰੀ ਕੀਤਾ ਗਿਆ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥

# ਅੰਤਮ ਸੰਸਕਾਰ



## ਬੀਬੀ ਹਰਬੰਸ ਕੌਰ

**ਵੀਹਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਰਾਤਾ ਸੱਚਖੰਡਵਸੀ ਭਾਈ ਸਾਹਿਬ ਭਾਈ ਵੀਰ ਸਿੰਘ ਜੀ ਦੀ ਧਰਮਪਤਨੀ ਬੀਬੀ ਹਰਬੰਸ ਕੌਰ ਅਕਾਲ ਚਲਾਣਾ ਕਰ ਗਏ ਹਨ। ਬੀਬੀ ਹਰਬੰਸ ਕੌਰ ਦੀ ਪਿੱਛਲੇ ਕੁਝ ਦਿਨਾਂ ਤੋਂ ਤਬੀਅਤ ਠੀਕ ਨਹੀਂ ਸੀ। ਜਿੰਨ੍ਹਾਂ ਦਾ ਅੱਜ ਦਿਹਾਂਤ ਹੋ ਗਿਆ। ਜਿਸ ਤੋਂ ਵੱਖ ਵੱਖ ਧਾਰਮਿਕ ਅਤੇ ਸਿਆਸੀ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ। ਬੀਬੀ ਦਾ ਅੰਤਮ ਸੰਸਕਾਰ ਕੱਲ 11 ਵਜੇ ਦੇ ਕਰੀਬ ਕੋਠੇ ਗੁਰੂਪੁਰਾ ਰੋਡੇ ਵਿਖੇ ਕੀਤਾ ਜਾਵੇਗਾ।**

## ਅੰਤ੍ਰਿੰਗ ਕਮੇਟੀ ਨੇ ਗਿਆਨੀ ਰਘੁਬੀਰ ਸਿੰਘ ਜੀ ਨੂੰ 1925 ਐਕਟ ਦਾ ਹਵਾਲਾ ਦੇ ਕੇ ਹੁਕਮ ਮੰਨਣ ਦੀ ਬਜਾਏ ਸੀਮਾਵਾਂ ਦੱਸਣ ਦੀ ਕੋਝੀ ਕੋਸ਼ਿਸ਼

### ਪੜਤਾਲੀਆ ਰਿਪੋਰਟ ਵਿੱਚ ਆਪੇ ਸ਼ਿਕਾਇਤ ਕਰਤਾ,ਆਪੇ ਜਾਂਚ ਅਧਿਕਾਰੀ,ਆਪੇ ਬਣੇ ਜੱਜ ਵਲੋ ਸੁਣਾਏ ਫੈਸਲੇ

ਚੰਡੀਗੜ੍ਹ, 22 ਫਰਵਰੀ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਗੁਰਦੁਵਾਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਜਸਵੰਤ ਸਿੰਘ ਪੁੜੈਣ, ਐਸਜੀਪੀਸੀ ਮੈਂਬਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਭਾਈ ਮਨਜੀਤ ਸਿੰਘ, ਮਾਸਟਰ ਮਿੱਠੂ ਸਿੰਘ ਕਾਹਨੇਕੇ ਅਤੇ ਜੱਥੇ ਸਤਵਿੰਦਰ ਸਿੰਘ ਟੌਹੜਾ ਵਲੋ ਜਾਰੀ ਬਿਆਨ ਵਿੱਚ ਕਿਹਾ ਕਿ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵਿੱਚ ਸਿੱਧੇ ਤੌਰ ਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਨੂੰ 1925 ਦੇ ਐਕਟ ਦਾ ਹਵਾਲਾ ਦੇ ਕੇ ਉਹਨਾਂ ਵੱਲੋਂ ਜਥੇਦਾਰ ਸਹਿਬਾਨ ਦੀ ਜਾਂਚ ਪ੍ਰਤੀ ਦਿੱਤੇ ਆਦੇਸ਼ ਨੂੰ ਠੈਂਗਾਂ ਦਿਖਾਉਣ ਦੇ ਬਰਾਬਰ ਹੈ। ਉਹਨਾਂ ਕਿਹਾ 1925 ਦੇ ਐਕਟ ਨੂੰ ਕੌਣ ਨਹੀ ਜਾਣਦਾ ਪਰ ਇਹ ਸਾਫ ਹੋ ਗਿਆ ਕਿ ਅੰਤ੍ਰਿੰਗ ਕਮੇਟੀ ਨੂੰ ਵੀ ਸ੍ਰੋਮਣੀ ਅਕਾਲੀ ਦਲ ਦੀ ਤਰਾਂ ਅਕਾਲ ਤਖ਼ਤ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਹੀ ਹੈ ਜਾਰੀ ਬਿਆਨ ਵਿਚ ਮੈਬਰਾਂ ਨੇ ਕਿਹਾ ਕਿ ਅੱਜ ਅੰਤ੍ਰਿੰਗ ਕਮੇਟੀ ਵਿੱਚ ਸ਼ਾਮਿਲ ਜਿਹੜੇ ਮੈਂਬਰ ਜਥੇਦਾਰ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਨੂੰ ਸ੍ਰੀ ਅਧਿਕਾਰ ਖੇਤਰ ਨੂੰ ਦੱਸਣ ਗਏ ਸੀ, ਦਰਅਸਲ ਉਹ ਲੋਕ ਅਧਿਕਾਰ ਖੇਤਰ ਦੱਸਣ ਨਹੀਂ ਬਲਕਿ ਕਿ ਤਖ਼ਤ ਸਾਹਿਬ ਦੀ ਸਰਵਉਚਤਾ ਨੂੰ ਚੁਣੌਤੀ ਦੇਕੇ ਆਏ। ਇਸ ਤੋਂ ਇਲਾਵਾ ਅਸਿੱਧੇ ਰੂਪ ਵਿੱਚ ਧਮਕੀ ਭਰੇ ਇਸ਼ਾਰੇ ਨਾਲ ਇਸ ਤੋਂ ਪਹਿਲਾਂ ਵੱਖ ਵੱਖ ਸਮੇਂ ਤੇ ਸਿੰਘ ਸਾਹਿਬਾਨਾਂ ਨੂੰ ਜਲੀਲ ਕਰਕੇ ਹਟਾਉਣ ਬਾਰੇ ਵੀ ਜਾਣੂ ਕਰਵਾਕੇ ਆਏ, ਕਿ ਜੇਕਰ ਸਿੰਘ ਸਾਹਿਬਾਨ ਨੇ ਸੱਤ ਮੈਂਬਰੀ ਕਮੇਟੀ ਦੀ ਰਿਪੋਰਟ ਨੂੰ ਲਾਗੂ ਕਰਨ ਅਤੇ ਗਿਆਨੀ ਹਰਪ੍ਰੀਤ ਸਿੰਘ ਜੀ ਮੁਅੱਤਲੀ ਖਿਲਾਫ ਸ਼ਬਦ ਬੋਲਿਆ ਤਾਂ ਓਹਨਾ ਸਿੰਘ ਸਾਹਿਬਾਨਾਂ ਦੀ ਲਿਸਟ ਵਿੱਚ ਉਹਨਾ ਦਾ ਨਾਮ ਵੀ ਸ਼ਾਮਿਲ ਹੋਵੇਗਾ। ਉਹਨਾਂ ਕਿਹਾ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਅਸਤੀਫ਼ੇ ਨੂੰ ਲੈਕੇ ਕੀਤੀ ਚਰਚਾ ਨੂੰ Eye Wash ਕਰਾਰ ਦਿੱਤਾ ਹੈ। ਜਾਰੀ ਬਿਆਨ ਵਿੱਚ ਐਸਜੀਪੀਸੀ ਮੈਬਰਾਂ ਨੇ ਕਿਹਾ ਕਿ, ਜਦੋਂ ਸਾਰੇ ਮੈਬਰ ਧਾਮੀ ਸਾਹਿਬ ਦੇ ਅਸਤੀਫ਼ੇ ਵਾਪਿਸ ਲੈਣ ਲਈ ਇਕਜੁਟ ਸਨ ਤਾਂ ਫਿਰ ਫੈਸਲਾ ਲਮਕਾਇਆ ਕਿਉ ਗਿਆ। ਇਸ ਲਮਕਾਏ ਗਏ ਫੈਸਲੇ ਦੇ ਪਿੱਛੇ ਸਿੱਧੀ ਮਨਸ਼ਾ ਹੈ ਕਿ ਸ਼੍ਰੋਮਣੀ ਕਮੇਟੀ ਨੂੰ ਵੀ ਬਾਦਲ ਪਰਿਵਾਰ ਅਸਿੱਧੇ ਤਰੀਕੇ ਨਾਲ ਆਪਣੇ ਨਜ਼ਦੀਕੀ ਰਿਸ਼ਤੇਦਾਰ ਹਵਾਲੇ ਰੱਖਣਾ ਚਾਹੁੰਦਾ ਹੈ, ਇਸ ਕਰਕੇ ਸੰਗਤ ਦੀਆਂ ਅੱਖਾਂ ਵਿੱਚ ਧੂੜ ਪਾਉਣ ਦਾ ਕੰਮ ਕੀਤਾ ਗਿਆ। ਜਾਰੀ ਬਿਆਨ ਵਿੱਚ ਮੈਬਰਾਂ ਨੇ ਕਿਹਾ ਕਿ ਗਿਆਨੀ ਹਰਪ੍ਰੀਤ ਜੀ ਦੇ ਮਸਲੇ ਬਾਰੇ ਜਿਸ ਝੂਠੀ ਪੜਤਾਲੀਆ ਰਿਪੋਰਟ ਦਾ ਅੱਜ ਦੁਬਾਰਾ ਜਿਕਰ ਕੀਤਾ ਗਿਆ ਸੀ, ਉਹ ਰਿਪੋਰਟ ਦਾ ਮਤਲਬ ਬਿਲਕੁਲ ਏਨਾ ਕੁ ਹੈ ਕਿ ਜਿਵੇਂ ਇੱਕ ਜੱਜ ਆਪ ਹੀ ਸ਼ਿਕਾਇਤ ਕਰਵਾ ਦੇਵੇ, ਆਪ ਹੀ ਪੜਤਾਲ ਕਰੇ, ਆਪ ਹੀ ਗਵਾਹ ਖੜੇ ਕਰੇ, ਆਪ ਹੀ ਝੂਠੇ ਸਬੂਤ ਤਿਆਰ ਕਰੇ ਅਤੇ ਆਪ ਹੀ ਫੈਸਲਾ ਸੁਣਾ ਕੇ ਸਜਾ ਦੇ ਦੇਵੇ ਤਾਂ ਇਨਸਾਫ਼ ਦੀ ਗੁੰਜਾਇਸ਼ ਦਾ ਗਲ ਘੁੱਟ ਦਿੱਤਾ ਗਿਆ।

## ਵਿੱਦਿਆ ਅਤੇ ਖੇਡਾਂ ਦੇ ਖੇਤਰ ਚੋ ਮੋਹਰੀ ਭੂਮਿਕਾ ਨਿਭਾ ਰਿਹਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ

ਬਰਨਾਲਾ, 21 ਫਰਵਰੀ (ਵਰਿਆਮ ਹਠੂਰ) ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿੱਦਿਆ ਅਤੇ ਖੇਡਾਂ ਦੇ ਖੇਤਰ ਵਿੱਚ ਨਿੱਤ ਨਵੀਆਂ ਪੁਲਾਘਾਂ ਪੁੱਟ ਰਿਹਾ ਹੈ । ਪਿੰਡ ਦੀਵਾਨਾ ਵਿਖੇ ਜਗਰਾਉ ਬਰਨਾਲਾ ਰੋਡ ਤੇ ਬੜੇ ਸਾਂਤ ਮਾਹੌਲ ਵਿੱਚ ਬਣੀ ਐੱਸ ਜੀ ਐਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੀ ਇਮਾਰਤ ਬੱਚਿਆਂ ਦੀ ਪੜ੍ਹਾਈ ਲਈ ਬਹੁਤ ਹੀ ਸ਼ਾਨਦਾਰ ਮਹੌਲ ਸਿਰਜ ਰਹੀ ਹੈ। ਗੱਲਬਾਤ ਕਰਦਿਆਂ ਸਕੂਲ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਸਾਡੀ ਸੰਸਥਾ ਵਿੱਚ ਉੱਚ ਮਿਆਰੀ ਵਿੱਦਿਆ ਦੇ ਨਾਲ-ਨਾਲ ਖੇਡਾਂ ਵਿੱਚ ਵੀ ਬੱਚਿਆ ਨੂੰ ਪ੍ਰਫੁੱਲਿਤ ਕੀਤਾ ਜਾਂਦਾ ਹੈ। ਸਕੂਲ ਦੇ ਸਟਾਫ਼ ਦੀ ਪੂਰੀ ਟੀਮ ਉੱਚ ਵਿੱਦਿਅਕ ਪ੍ਰਾਪਤ ਤੇ ਤਜ਼ਰਬੇਕਾਰ ਹੈ । ਸਟਾਫ਼ ਦੇ ਨਾਲ ਨਾਲ ਇੰਗਲਿਸ਼ ਸਪੀਕਿੰਗ ਦੀਆਂ ਕਲਾਸਾਂ ਲਈ ਸਪੈਸ਼ਲ ਟਰੇਨਰ ਵੀ ਸਕੂਲ 'ਚ ਬੱਚਿਆਂ ਲਈ ਕੰਮ ਕਰ ਰਹੇ ਹਨ। ਪੜ੍ਹਾਈ ਦੇ ਨਾਲ-ਨਾਲ ਧਾਰਮਿਕ ਸਿੱਖਿਆ ਵੀ ਸਕੂਲ ਵੱਲੋਂ ਮੁਹੱਈਆਂ ਕਰਵਾਈ ਜਾਂਦੀ ਹੈ। ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਲਈ ਜਾਂਦੀ ਗਿਆਨ ਪਰੀਖਿਆ 'ਚ ਬਰਨਾਲੇ ਜ਼ਿਲ੍ਹੇ ਚੋ ਪਹਿਲੀਆਂ ਤਿੰਨੇ ਪੁਜੀਸ਼ਨਾਂ ਵੀ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਵਿਦਿਆਰਥੀਆ ਨੇ ਹੀ ਪ੍ਰਾਪਤ ਕੀਤੀਆਂ ਸਨ। ਬੋਰਡ ਦੀਆਂ ਕਲਾਸਾਂ ਦੇ ਰਿਜ਼ਲਟ ਹਰ ਸਾਲ 100 ਪ੍ਰਤੀਸ਼ਤ ਆਉਂਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਝਾਤ ਮਾਰੀਏ ਤਾਂ ਹਰ ਸਾਲ ਸਕੂਲ ਦੇ 15-20 ਬੱਚੇ ਖੇਡਾਂ ਲਈ ਸਟੇਟ ਪੱਧਰ ਤੇ ਚੁਣੇ ਜਾਂਦੇ ਹਨ। ਇਸ ਵਾਰ ਵੀ ਸਕੂਲ ਦੀ ਖੋ-ਖੋ ਟੀਮ ਸਟੇਟ ਪੱਧਰ ਲਈ ਚੁਣੀ ਗਈ ਅਤੇ ਹੋਰ ਖੇਡਾਂ ਵਿਚ ਵੀ ਬੱਚਿਆ ਦੇ ਸਟੇਟ ਪੱਧਰ ਲਈ ਚੋਣ ਹੋਈ। ਸਕੂਲ ਦਾ ਵਿਦਿਆਰਥੀ ਦਿਲਪ੍ਰੀਤ ਢਿੱਲੋਂ ਨੇ ਪੂਰੇ ਪੰਜਾਬ 'ਚ 80 ਮੀਟਰ ਹਰਡਲ ਰੇਸ ਤੇ 100 ਮੀਟਰ ਰੇਸ ਚੋ ਪੂਰੇ ਪੰਜਾਬ ਚੋ ਫਸਟ ਪੁਜੀਸ਼ਨ ਪ੍ਰਾਪਤ ਕੀਤੀ ਅਤੇ ਦਿਲਪ੍ਰੀਤ ਢਿੱਲੋਂ ਦੀ ਨੈਸ਼ਨਲ ਪੱਧਰ ਖੇਡਾਂ ਲਈ ਚੋਣ ਹੋਈ। ਉਨ੍ਹਾਂ ਇਹ ਵੀ ਦੱਸਿਆ ਕਿ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਜੀ ਵੱਲੋਂ 5 ਸਤੰਬਰ ਅਧਿਆਪਕ ਦਿਵਸ ਤੇ ਉਨ੍ਹਾਂ ਨੂੰ ਬੈਸਟ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਿਤ ਕੀਤਾ, ਇਲਾਕੇ ਦੇ ਪਿੰਡਾਂ ਦੇ ਲੋਕਾਂ ਦੀ ਸਕੂਲ ਪ੍ਰਤੀ ਆਪਣੇ ਬੱਚਿਆਂ ਦਾ ਦਾਖਲਾ ਕਰਵਾਉਣ ਦੀ ਖਿੱਚ ਸਕੂਲ ਦੀ ਪੜ੍ਹਾਈ ਵਧੀਆ ਸਟਾਫ ਅਤੇ ਹੋਰ ਹਾਜਰ ਸਨ।

# ਇੱਕ ਨਜ਼ਰ...



## ਸਾਂਸਦ ਵਿਕਰਮ ਜੀਤ ਸਿੰਘ ਸਾਹਨੀ ਨੇ 10,000 ਨੌਜਵਾਨਾਂ ਨੂੰ ਹੁਨਰ ਅਤੇ ਨੌਕਰੀਆਂ ਪ੍ਰਦਾਨ ਕਰਨ ਦਾ ਅਹਿਦ ਲਿਆ

ਨਵੀਂ ਦਿੱਲੀ 21 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਡਾ: ਵਿਕਰਮਜੀਤ ਸਿੰਘ ਸਾਹਨੀ, ਐਮ.ਪੀ., ਰਾਜਸਭਾ ਪੰਜਾਬ ਨੇ ਅੱਜ ਦਿੱਲੀ ਅਤੇ ਪੰਜਾਬ ਦੇ 10,000 ਨੌਜਵਾਨਾਂ ਨੂੰ ਦਿੱਲੀ ਅਤੇ ਪੰਜਾਬ ਵਿੱਚ ਚਲਾਏ ਜਾ ਰਹੇ ਵਿਸ਼ਵ ਪੱਧਰੀ ਅਤੇ ਮਲਟੀ ਸਕਿੱਲ ਡਿਵੈਲਪਮੈਂਟ ਸੈਂਟਰਾਂ ਤੋਂ ਮੁਫਤ ਹੁਨਰ ਅਤੇ ਨੌਕਰੀਆਂ ਪ੍ਰਦਾਨ ਕਰਨ ਦਾ ਅਹਿਦ ਲਿਆ। ਡਾ: ਸਾਹਨੀ ਸੰਨ ਫਾਊਂਡੇਸ਼ਨ ਦੇ ਸਥਾਪਨਾ ਦਿਵਸ ਸਮਾਰੋਹ ਵਿੱਚ ਬੋਲ ਰਹੇ ਸਨ, ਜਿਸ ਨੇ 27 ਸਾਲ ਪਹਿਲਾਂ ਸਮਾਜ ਦੀ ਸੇਵਾ ਕਰਨੀ ਸ਼ੁਰੂ ਕੀਤੀ ਸੀ ਅਤੇ ਕੋਵਿਡ ਦੌਰਾਨ, ਪੇਂਡੂ ਔਰਤਾਂ ਨੂੰ ਹੁਨਰਮੰਦ ਬਣਾਉਣ, ਅਫਗਾਨ ਸ਼ਰਨਾਰਥੀਆਂ ਦੇ ਮੁੜ ਵਸੇਬੇ ਅਤੇ ਹੋਰ ਕਈ ਬਿਪਤਾਵਾਂ ਦੌਰਾਨ ਮਿਸਾਲੀ ਕੰਮ ਕੀਤੇ ਹਨ। ਸ਼੍ਰੀ ਸਾਹਨੀ ਨੇ ਆਈ.ਟੀ.ਆਈਜ਼ ਨੂੰ ਆਈ.ਆਈ.ਟੀ. ਵਿੱਚ ਬਦਲਣ ਦੇ ਆਪਣੇ ਸੁਪਨੇ ਨੂੰ ਵੀ ਸਾਂਝਾ ਕੀਤਾ ਜਿੱਥੇ ਉਹਨਾ ਨੇ ਪੰਜਾਬ ਵਿੱਚ 10 ਆਈ.ਟੀ.ਆਈ. ਸੰਸਥਾਵਾਂ ਅਪਨਾਈਆਂ ਹਨ। ਡਾ: ਸਾਹਨੀ ਨੇ ਰਾਸ਼ਟਰੀ ਅਪ੍ਰੈਂਟਿਸਸ਼ਿਪ ਕੌਂਸਲ ਦੇ ਵਾਈਸ ਚੇਅਰਮੈਨ ਨਿਯੁਕਤ ਕਰਨ ਲਈ ਹੁਨਰ ਵਿਕਾਸ ਅਤੇ ਉੱਦਮਤਾ ਬਾਰੇ ਮਾਣਯੋਗ ਮੰਤਰੀ ਸ਼੍ਰੀ ਜਯੰਤ ਚੌਧਰੀ ਦਾ ਵੀ ਧੰਨਵਾਦ ਕੀਤਾ। ਸ਼੍ਰੀ ਸਾਹਨੀ ਨੇ ਵਪਾਰ ਅਤੇ ਉਦਯੋਗ ਨੂੰ ਬੇਨਤੀ ਕੀਤੀ ਕਿ ਉਹ ਨੌਜਵਾਨਾਂ ਨੂੰ ਨੌਕਰੀ ਦੀ ਸਿਖਲਾਈ ਲਈ ਅਪ੍ਰੈਂਟਿਸਸ਼ਿਪ ਵਜੋਂ ਰੁਜ਼ਗਾਰ ਦੇਣ ਜਿਸ ਲਈ ਸਰਕਾਰ ਵਿੱਤੀ ਸਹਾਇਤਾ ਦਏਗੀ।

## ਸੱਜਣ ਕੁਮਾਰ ਦੀ ਸਜ਼ਾ ਦਾ ਫ਼ੈਸਲਾ ਮੁੜ ਟਲਿਆ, ਹੁਣ 25 ਫਰਵਰੀ ਨੂੰ ਹੋਵੇਗੀ ਸੁਣਵਾਈ

ਨਵੀਂ ਦਿੱਲੀ 21 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਨਵੰਬਰ 1984 ਦੇ ਸਿੱਖ ਕਤਲੇਆਮ ਵਿਚ ਦੋਸ਼ੀ ਐਲਾਨੇ ਗਏ ਕਾਂਗਰਸੀ ਨੇਤਾ ਸੱਜਣ ਕੁਮਾਰ ਦੀ ਸਜ਼ਾ ਦੀ ਮਿਆਦ ਬਾਰੇ ਫੈਸਲਾ 25 ਫਰਵਰੀ ਨੂੰ ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਵਿੱਚ ਦਿੱਤਾ ਜਾਵੇਗਾ। ਸੱਜਣ ਕੁਮਾਰ ਦੇ ਵਕੀਲਾਂ ਨੇ ਅਦਾਲਤ ਨੂੰ ਦੱਸਿਆ ਹੈ ਕਿ ਉਹ 2 ਦਿਨਾਂ ਵਿੱਚ ਆਪਣੀਆਂ ਦਲੀਲਾਂ ਪੇਸ਼ ਕਰਨਗੇ। ਅਦਾਲਤ ਨੇ ਉਸਦੀ ਮੰਗ ਮੰਨ ਲਈ ਅਤੇ ਹੁਣ ਅਦਾਲਤ 25 ਫਰਵਰੀ ਨੂੰ ਦੁਪਹਿਰ ਨੂੰ ਸਜ਼ਾ ਦੀ ਮਿਆਦ ਬਾਰੇ ਫੈਸਲਾ ਸੁਣਾ ਸਕਦੀ ਹੈ। ਇਸ ਦੇ ਨਾਲ ਹੀ ਪੀੜਤ ਧਿਰ ਨੇ ਸਜ਼ਾ ਦੀ ਮਿਆਦ ਬਾਰੇ ਅਦਾਲਤ ਵਿੱਚ ਲਿਖਤੀ ਦਲੀਲਾਂ ਪੇਸ਼ ਕੀਤੀਆਂ ਹਨ। ਪੀੜਤ ਧਿਰ ਵੱਲੋਂ, ਸੀਨੀਅਰ ਵਕੀਲ ਨੇ ਮੌਤ ਦੀ ਸਜ਼ਾ ਦੀ ਮੰਗ ਕਰਦੇ ਹੋਏ ਇੱਕ ਫਾਈਲ ਪੇਸ਼ ਕੀਤੀ ਹੈ। ਕਾਂਗਰਸੀ ਆਗੂ ਸੱਜਣ ਕੁਮਾਰ ਇਸ ਵੇਲੇ ਤਿਹਾੜ ਜੇਲ੍ਹ ਵਿੱਚ ਆਪਣੀ ਸਜ਼ਾ ਕੱਟ ਰਿਹਾ ਹੈ। ਉਸਨੇ ਅਦਾਲਤ ਤੋਂ ਰਹਿਮ ਦੀ ਭੀਖ ਮੰਗੀ ਸੀ। ਤੁਹਾਨੂੰ ਦੱਸ ਦੇਈਏ ਕਿ 12 ਫਰਵਰੀ ਨੂੰ ਹੋਈ ਸੁਣਵਾਈ ਵਿੱਚ ਅਦਾਲਤ ਨੇ ਉਸਨੂੰ ਦੋਸ਼ੀ ਕਰਾਰ ਦਿੱਤਾ ਸੀ। ਦਿੱਲੀ ਪੁਲਿਸ ਨੇ ਵੀ ਇਸ ਮਾਮਲੇ ਵਿਚ ਓਸ ਦੇ ਮੌਤ ਦੀ ਸਜ਼ਾ ਦੀ ਮੰਗ ਕੀਤੀ ਸੀ। ਦਿੱਲੀ ਸਿੱਖ ਕਤਲੇਆਮ ਦਾ ਮਾਮਲਾ ਜਿਸ ਵਿੱਚ ਕਾਂਗਰਸ ਨੇਤਾ ਸੱਜਣ ਕੁਮਾਰ ਨੂੰ ਦੋਸ਼ੀ ਠਹਿਰਾਇਆ ਗਿਆ ਹੈ, ਸਰਸਵਤੀ ਵਿਹਾਰ ਇਲਾਕੇ ਨਾਲ ਸਬੰਧਤ ਹੈ, ਸੱਜਣ ਕੁਮਾਰ ਦੀ ਅਗਵਾਈ ਹੇਠ ਭੂਤਰੀ ਹੋਈ ਭੀੜ ਨੇ ਸਿੱਖ ਭਾਈਚਾਰੇ ਦੇ ਦੋ ਲੋਕਾਂ ਨੂੰ ਡੰਡਿਆਂ ਨਾਲ ਕੁੱਟ-ਕੁੱਟ ਕੇ ਮਾਰ ਦਿੱਤਾ ਸੀ।

## ਬੇੜੀਆਂ ਪਾ ਕੇ ਨੌਜਵਾਨਾਂ ਨੂੰ ਡਿਪੋਰਟ ਕਰਨ ਨਾਲ ਵਿਦੇਸ਼ ਨੀਤੀ ਦੀ ਪੋਲ ਖੁੱਲ੍ਹੀ : ਸਲੇਮਪੁਰ

ਧੂਰੀ, 21 ਫਰਵਰੀ ( ਰਣਜੀਤ ਸਿੰਘ ਪੇਧਨੀ ) ਅਮਰੀਕਾ ਵੱਲੋਂ ਸਾਡੇ ਨੌਜਵਾਨਾਂ ਨੂੰ ਬੇੜੀਆਂ ਪਾ ਕੇ



ਡਿਪੋਰਟ ਕਰਨਾ ਬਹੁਤ ਮੰਦਭਾਗਾ ਹੈ ਸਾਡੇ ਦੇਸ਼ ਦੇ ਨੌਜਵਾਨਾਂ ਨਾਲ ਅਜਿਹਾ ਸਲੂਕ ਹੋਣ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਚੁੱਪੀ ਉਨ੍ਹਾਂ ਦੀ ਸਰਕਾਰ ਦੀਆਂ ਵਿਦੇਸ਼ ਨੀਤੀਆਂ ਦੀ ਪੋਲ ਖੋਲ੍ਹ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਟਰਾਂਸਪੋਰਟ ਵਿੰਗ ਪੰਜਾਬ ਦੇ ਪ੍ਰਧਾਨ ਸ,ਹਰਬੰਸ ਸਿੰਘ ਸਲੇਮਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇਹ ਮੁੱਦਾ ਅਮਰੀਕੀ ਰਾਸ਼ਟਰਪਤੀ ਟਰੰਪ ਕੋਲ ਉਠਾਉਣਾ ਚਾਹੀਦਾ ਸੀ ਤਾਂ ਜੋ ਭਾਰਤੀਆਂ ਨੂੰ ਜ਼ੰਜੀਰਾਂ ਨਾਲ ਜਕੜ ਕੇ ਉਨ੍ਹਾਂ ਦੇ ਵਤਨ ਨਾ ਭੇਜਿਆ ਜਾਵੇ। ਉਨਾਂ ਕਿਹਾ ਕਿ ਜਿਸ ਤਰਾਂ ਬੇੜੀਆਂ ਪਾ ਕੇ ਭਾਰਤੀ ਲੋਕਾਂ ਨੂੰ ਲਿਆਂਦਾ ਜਾ ਰਿਹਾ ਹੈ, ਉਸ ਨਾਲ ਪੰਜਾਬ ਦਾ ਅਕਸ ਖਰਾਬ ਹੋ ਰਿਹਾ ਹੈ ਕੇਂਦਰ ਸਰਕਾਰ ਪੰਜਾਬ ਨੂੰ ਬਦਨਾਮ ਕਰਨ ਲਈ ਜਾਣਬੁੱਝ ਕੇ ਸਾਜਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਰਗੇ ਸਰਹੱਦੀ ਜ਼ਿਲ੍ਹੇ ਵਿਚ ਅਮਰੀਕੀ ਫੌਜੀ ਜਹਾਜ਼ਾਂ ਦੀ ਉਤਰਾਈ ਦੇਸ਼ ਲਈ ਖ਼ਤਰਾ ਹੈ ਜੇਕਰ ਭਾਰਤ ਸਰਕਾਰ ਇਨ੍ਹਾਂ ਲੋਕਾਂ ਦਾ ਸਤਿਕਾਰ ਕਰਦੀ, ਤਾਂ ਉਹ ਆਪਣਾ ਜਹਾਜ਼ ਭੇਜਦੀ ਅਤੇ ਉਨ੍ਹਾਂ ਨੂੰ ਉੱਥੋਂ ਸਤਿਕਾਰ ਨਾਲ ਵਾਪਸ ਲਿਆਉਂਦੀ ਅਸੀਂ ਆਪਣੇ ਨੌਜਵਾਨਾਂ ਨਾਲ ਕੀਤਾ ਜਾਂ ਰਿਹਾ ਅਜਿਹਾ ਸਲੂਕ ਕਦੇ ਵੀ ਬਰਦਾਸ਼ਤ ਨਹੀਂ ਕਰਾਂਗੇ।

## ਗੁਰਦੁਆਰਾ ਦਾਦੂ ਸਾਹਿਬ ਵਿਖੇ ਸਲਾਨਾ ਸਮਾਗਮ ਦੇ ਸ੍ਰੀ ਅਖੰਡ ਪਾਠ ਸਾਹਿਬ ਹੋਏ ਆਰੰਭ

ਤਲਵੰਡੀ ਸਾਬੋ, 21 ਫਰਵਰੀ (ਗੁਰਜੰਟ ਸਿੰਘ ਨਥੇਹਾ)- ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਵਿੱਚ ਸੁੱਖ ਸੇਵਾ ਸਿਮਰਨ ਟਰਸੱਟ (ਰਜਿ:) ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਸਲਾਨਾ ਸਮਾਗਮ ਬੜੀ ਚੜਦੀਕਲਾ ਨਾਲ ਕੀਤੇ ਜਾਂਦੇ ਹਨ ਜਿਸ ਵਿੱਚ ਗੁਰਬਾਣੀ ਕਥਾ ਕੀਰਤਨ, ਨਗਰ ਕੀਰਤਨ ਤੋਂ ਇਲਾਵਾ ਲੋੜਵੰਦ ਪ੍ਰੀਵਾਰਾਂ ਦੇ ਸਮੂਹਿਕ ਅਨੰਦ ਕਾਰਜ ਕਰਵਾਏ ਜਾਂਦੇ ਹਨ। ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਲਾਨਾ ਸਮਾਗਮ ਦੀ ਸ਼ੁਰੂਆਤ ਧੁਰ ਕੀ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਕੇ ਅੱਜ ਕੀਤੀ ਗਈ ਜਿਨ੍ਹਾਂ ਦੇ ਭੋਗ 22 ਫਰਵਰੀ ਨੂੰ ਸਵੇਰੇ 10 ਵਜੇ ਪਾਏ ਜਾਣਗੇ, ਉਪਰੰਤ ਮਹਾਨ ਨਗਰ ਕੀਰਤਨ ਹੋਵੇਗਾ ਅਤੇ 23 ਫਰਵਰੀ ਨੂੰ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ 21 ਸੁਭਾਗੇ ਜੋੜਿਆਂ ਦੇ ਅਨੰਦ ਕਾਰਜ ਕੀਤੇ ਜਾਣਗੇ ਜਿਨਾਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਾਜੋ-ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ। ਸੰਤ ਮਹਾਂਪੁਰਸ਼ ਪੰਥਕ ਆਗੂ ਸਾਹਿਬਾਨ ਸੰਗਤਾਂ ਦੇ ਦਰਸ਼ਨ ਦੀਦਾਰ ਕਰਨਗੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਇਨਾਂ ਸਮਾਗਮਾਂ ਵਿੱਚ ਦੇਸ਼-ਵਿਦੇਸ਼ ਤੋਂ ਸ਼ਰਧਾਲੂ ਸੰਗਤਾਂ ਸਮੂਲੀਅਤ ਕਰਨਗੀਆਂ।

# ਅੰਤ੍ਰਿੰਗ ਕਮੇਟੀ ਵੱਲੋਂ ਐਡਵੋਕੇਟ ਧਾਮੀ ਦਾ ਅਸਤੀਫ਼ਾ ਪੈਂਡਿੰਗ, ਸੇਵਾਵਾਂ ਜਾਰੀ ਰੱਖਣ ਦੀ ਕੀਤੀ ਅਪੀਲ



ਅੰਮ੍ਰਿਤਸਰ, 21 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਦਿੱਤੇ ਗਏ ਅਸਤੀਫ਼ੇ ਦਾ ਮਾਮਲਾ ਵਿਚਾਰਨ ਲਈ ਅੱਜ ਸ਼੍ਰੋਮਣੀ ਕਮੇਟੀ ਦੀ ਵਿਸ਼ੇਸ਼ ਇਕੱਤਰਤਾ ਵਿੱਚ ਫਿਲਹਾਲ ਉਨ੍ਹਾਂ ਦਾ ਅਸਤੀਫ਼ਾ ਪੈਂਡਿੰਗ ਰੱਖ ਲਿਆ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਦੀ ਅਗਵਾਈ ਵਿੱਚ ਅੱਜ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਅਸਤੀਫ਼ੇ ਉੱਪਰ ਦੀਰਘ ਵਿਚਾਰ ਵਟਾਂਦਰਾ ਕਰਨ ਉਪਰੰਤ ਇਹ ਫੈਸਲਾ ਹੋਇਆ ਕਿ ਐਡਵੋਕੇਟ ਧਾਮੀ ਦੀਆਂ ਸੇਵਾਵਾਂ ਦੀ ਸਿੱਖ ਸੰਸਥਾ ਨੂੰ ਅਜੇ ਵੱਡੇ ਲੋੜ ਹੈ ਇਸ ਲਈ ਉਨ੍ਹਾਂ ਨੂੰ ਸੇਵਾਵਾਂ ਜਾਰੀ ਰੱਖਣ ਲਈ ਕਿਹਾ ਜਾਵੇ। ਇਕੱਤਰਤਾ ਤੋਂ ਬਾਅਦ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਸਰਬਸੰਮਤੀ ਨਾਲ ਐਡਵੋਕੇਟ ਧਾਮੀ ਦਾ ਅਸਤੀਫ਼ਾ ਪੈਂਡਿੰਗ ਰੱਖ ਕੇ ਉਨ੍ਹਾਂ ਨਾਲ ਗੱਲਬਾਤ ਕਰਨ ਦਾ ਫ਼ੈਸਲਾ ਹੋਇਆ ਹੈ। ਉਨ੍ਹਾਂ ਕਿਹਾ ਕਿ ਐਡਵੋਕੇਟ ਧਾਮੀ ਨੇ ਕਠਿਨ ਹਾਲਾਤਾਂ ਵਿੱਚ ਸ਼੍ਰੋਮਣੀ ਕਮੇਟੀ ਦੀ ਸੁਚੱਜੀ ਅਗਵਾਈ ਕੀਤੀ ਹੈ ਅਤੇ ਇਸ ਅਰਸੇ ਦੌਰਾਨ ਸੰਸਥਾ ਵੱਲੋਂ ਤਰੱਕੀ ਦੀਆਂ ਪੁਲਾਂਘਾਂ ਪੁੱਟੀਆਂ ਗਈਆਂ ਹਨ। ਇਸ ਲਈ ਅੰਤ੍ਰਿੰਗ ਕਮੇਟੀ ਨੇ ਉਨ੍ਹਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਮਹਿਸੂਸ ਕੀਤਾ ਹੈ ਕਿ ਜਿਹੜੇ ਕਾਰਨਾਂ ਕਰਕੇ ਐਡਵੋਕੇਟ ਧਾਮੀ ਨੇ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਅਸਤੀਫ਼ਾ ਦਿੱਤਾ ਹੈ ਉਹ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਅਧਿਕਾਰਾਂ ਦਾ ਮਾਮਲਾ ਹੈ ਕਿਉਂਕਿ ਸਿੰਘ ਸਾਹਿਬਾਨ ਸਮੇਤ ਕਿਸੇ ਵੀ ਅਧਿਕਾਰੀ ਜਾਂ ਕਰਮਚਾਰੀ ਦੀ ਜਾਂਚ ਪੜਤਾਲ ਉਪਰੰਤ ਫੈਸਲਾ ਲੈਣ ਦਾ ਹੱਕ ਅੰਤ੍ਰਿੰਗ ਕਮੇਟੀ ਪਾਸ ਹੈ। ਇਸੇ ਤਹਿਤ ਹੀ ਗਿਆਨੀ ਹਰਪ੍ਰੀਤ ਸਿੰਘ ਨੂੰ ਸੇਵਾਮੁਕਤ ਕਰਨ ਦਾ ਫ਼ੈਸਲਾ ਇਕੱਲੇ ਪ੍ਰਧਾਨ ਐਡਵੋਕੇਟ ਧਾਮੀ ਦਾ ਨਹੀਂ ਬਲਕਿ ਸਮੁੱਚੀ ਅੰਤ੍ਰਿੰਗ ਕਮੇਟੀ ਵੱਲੋਂ ਕੀਤਾ ਗਿਆ ਹੈ। ਇਸ ਲਈ ਉਨ੍ਹਾਂ ਦਾ ਅਸਤੀਫ਼ਾ ਵਧੇਰੇ ਵਿਚਾਰ ਲਈ ਪੈਂਡਿੰਗ ਕਰ ਦਿੱਤਾ ਗਿਆ ਹੈ ਅਤੇ ਇਹ ਵੀ ਫੈਸਲਾ ਹੋਇਆ ਹੈ ਕਿ ਅੰਤ੍ਰਿੰਗ ਕਮੇਟੀ ਐਡਵੋਕੇਟ ਧਾਮੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਅਸਤੀਫ਼ਾ ਵਾਪਸ ਲੈਣ ਲਈ ਅਪੀਲ ਕਰੇਗੀ। ਇਸ ਦੌਰਾਨ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੀ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਅਤੇ ਸਿੰਘ ਸਾਹਿਬਾਨ ਦੇ ਅਧਿਕਾਰ ਖੇਤਰ ਵੱਖੋ-ਵੱਖਰੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਸਿੱਖ ਗੁਰਦੁਆਰਾ ਐਕਟ 1925 ਵਿੱਚ ਸਾਰੇ ਕਾਨੂੰਨੀ, ਵਿੱਤੀ, ਪ੍ਰਸ਼ਾਸਨਿਕ ਅਤੇ ਸੰਵਿਧਾਨਕ ਅਧਿਕਾਰ ਦਿੱਤੇ ਗਏ ਹਨ ਉੱਥੇ ਹੀ ਇਸਦੇ ਅਧਿਕਾਰੀਆਂ, ਕਰਮਚਾਰੀਆਂ ਸਬੰਧੀ ਸੇਵਾ ਨਿਯਮ ਬਣਾਉਣ ਦੇ ਵੀ ਮੁਕੰਮਲ ਹੱਕ ਹਕੂਕ ਹਨ। ਸੇਵਾ ਨਿਯਮਾਂ ਅਧੀਨ ਆਉਂਦੇ ਕਿਸੇ ਵੀ ਅਧਿਕਾਰੀ, ਕਰਮਚਾਰੀ ਵੱਲੋਂ ਕੋਈ ਗਲਤੀ, ਗੁਨਾਹ ਜਾਂ ਅਣਗਹਿਲੀ ਕਰਨ ਉੱਤੇ ਅਨੁਸ਼ਾਸਨੀ ਕਾਰਵਾਈ ਵੀ ਕਮੇਟੀ ਵੱਲੋਂ ਮਿਲੇ ਅਧਿਕਾਰਾਂ ਤਹਿਤ ਕੀਤੀ ਜਾਂਦੀ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ, ਗ੍ਰੰਥੀ ਅਤੇ ਸੰਸਥਾ ਦੇ ਪ੍ਰਬੰਧ ਵਾਲੇ ਤਖ਼ਤ ਸਾਹਿਬਾਨ ਦੇ ਜਥੇਦਾਰ ਨਿਯੁਕਤ ਕਰਨ ਅਤੇ ਸੇਵਾਮੁਕਤ ਕਰਨ ਦੇ ਫੈਸਲਿਆਂ ਦੀ ਜ਼ਿੰਮੇਵਾਰੀ ਵੀ ਸਿੱਖ ਗੁਰਦੁਆਰਾ ਐਕਟ ਰਾਹੀਂ ਸ਼੍ਰੋਮਣੀ ਕਮੇਟੀ ਪਾਸ ਹੈ। ਉਨ੍ਹਾਂ ਕਿਹਾ ਕਿ ਇਸ ਲਈ ਆਪਣੇ ਅਧਿਕਾਰਾਂ ਦੀ ਵਰਤੋਂ ਕਰਕੇ ਜਾਂਚ ਪੜਤਾਲ ਕਰਨੀ ਅਤੇ ਕਾਰਵਾਈ ਕਰਨੀ ਸ਼੍ਰੋਮਣੀ ਕਮੇਟੀ ਦੇ ਅਧਿਕਾਰ ਖੇਤਰ ਵਿੱਚ ਹੈ ਜਿਸ ਉੱਤੇ ਬੇਲੋੜਾ ਵਿਵਾਦ ਕੀਤਾ ਜਾ ਰਿਹਾ ਹੈ। ਸ. ਵਿਰਕ ਨੇ ਕਿਹਾ ਕਿ ਜਿਹੜੀ ਕਾਰਵਾਈ ਗਿਆਨੀ ਹਰਪ੍ਰੀਤ ਸਿੰਘ ਉੱਤੇ ਕੀਤੀ ਗਈ ਉਹ ਇਕੱਲੇ ਪ੍ਰਧਾਨ ਐਡਵੋਕੇਟ ਧਾਮੀ ਦੀ ਨਹੀਂ ਸੀ ਸਗੋਂ ਇਹ ਇੱਕ ਵਿਧੀ ਵਿਧਾਨ ਰਾਹੀਂ ਸੇਵਾ ਨਿਯਮਾਂ ਤਹਿਤ ਅੰਤ੍ਰਿੰਗ ਕਮੇਟੀ ਵੱਲੋਂ ਕੀਤੀ ਗਈ ਹੈ। ਉਨ੍ਹਾਂ ਗਿਆਨੀ ਹਰਪ੍ਰੀਤ ਸਿੰਘ ਉੱਤੇ ਲੱਗੇ ਦੋਸ਼ਾਂ ਦੀ ਪੜਤਾਲ ਦੇ ਤੱਥ ਪੇਸ਼ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੇ ਨਿਜੀ ਪੱਖ ਰੱਖਣ ਲਈ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਮਰਯਾਦਾ ਦੀ ਉਲੰਘਣਾ ਕੀਤੀ ਅਤੇ ਗੁਰਬਾਣੀ ਕੀਰਤਨ ਨੂੰ ਰੋਕ ਕੇ ਆਪਣੇ ਸਾਹਮਣੇ ਜਬਰੀ ਪੰਜ ਪਿਆਰੇ ਖੜ੍ਹੇ ਕਰਕੇ ਘੋਰ ਅਪਮਾਨ ਕੀਤਾ। ਦੋਸ਼ਾਂ ਦਾ ਸਪਸ਼ਟੀਕਰਨ ਆਪਣੀ ਬਣਾਈ ਮਰਯਾਦਾ ਅਨੁਸਾਰ ਦੇ ਕੇ ਪੱਲਾ ਝਾੜਨ ਦੀ ਕੋਸ਼ਿਸ਼ ਕੀਤੀ ਅਤੇ ਜਾਂਚ ਕਮੇਟੀ ਵੱਲੋਂ ਵਾਰ-ਵਾਰ ਸੰਪਰਕ ਕੀਤੇ ਜਾਣ ਉੱਤੇ ਵੀ ਸਹਿਯੋਗ ਨਹੀਂ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਇਸ ਤੋਂ ਇਲਾਵਾ ਪਤਿਤ ਦੇ ਅਨੰਦ ਕਾਰਜ ਦੀ ਅਰਦਾਸ ਕਰਨੀ ਵੀ ਤਖ਼ਤ ਸਾਹਿਬ ਦੇ ਜਥੇਦਾਰ ਦਾ ਅਪਮਾਨ ਕਰਨ ਵਾਲਾ ਹੈ। ਇਸ ਦੇ ਨਾਲ ਹੀ ਗਿਆਨੀ ਹਰਪ੍ਰੀਤ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਹੁੰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਿਰਾਦਰ ਅਤੇ ਬੇਅਦਬੀ ਦੀਆਂ ਘਟਨਾਵਾਂ ਬਾਰੇ ਗੰਭੀਰ ਸ਼ਿਕਾਇਤਾਂ ਮਿਲਣ ਅਤੇ ਤੱਥ ਸਾਹਮਣੇ ਆਉਣ ਤੋਂ ਬਾਅਦ ਵੀ ਨਜ਼ਰਅੰਦਾਜ ਕੀਤਾ ਅਤੇ ਜ਼ਿੰਮੇਵਾਰੀ ਨਾ ਨਿਭਾਈ। ਅਜਿਹੇ ਵਿੱਚ ਸੇਵਾ ਨਿਯਮਾਂ ਤਹਿਤ ਉਨ੍ਹਾਂ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੀ ਗਈ ਕਾਰਵਾਈ ਠੀਕ ਹੈ ਅਤੇ ਇਸ ਨੂੰ ਸ਼੍ਰੋਮਣੀ ਕਮੇਟੀ ਦੇ ਅਧਿਕਾਰਾਂ ਵਿਰੁੱਧ ਕਹਿਣਾ ਬਿਲਕੁਲ ਬੇਬੁਨਿਆਦ ਹੈ। ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ ਅਤੇ ਮੂਲ ਮੰਤਰ ਤੇ ਗੁਰ ਮੰਤਰ ਦੇ ਜਾਪ ਕਰਕੇ ਸਤਿਕਾਰ ਭੇਟ ਕੀਤਾ ਗਿਆ ਹੈ। ਇਕੱਤਰਤਾ ਮਗਰੋਂ ਅਹੁਦੇਦਾਰ ਅਤੇ ਮੈਂਬਰ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਮਿਲਣ ਪਹੁੰਚੇ ਅਤੇ ਉਨ੍ਹਾਂ ਨਾਲ ਮੌਜੂਦਾ ਹਾਲਾਤਾਂ ਬਾਰੇ ਵਿਚਾਰ ਵਟਾਂਦਰਾ ਕੀਤਾ। ਇਕੱਤਰਤਾ ਦੌਰਾਨ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਅਮਰੀਕ ਸਿੰਘ ਵਿਛੋਆ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਣ, ਸ. ਪਰਮਜੀਤ ਸਿੰਘ ਰਾਏਪੁਰ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਕਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਅਤੇ ਇੰਚਾਰਜ ਸ. ਅਜ਼ਾਦਦੀਪ ਸਿੰਘ ਆਦਿ ਮੌਜੂਦ ਸਨ।

# ਹਿੰਦੂ ਅਧਿਆਤਮਕ ਆਗੂ ਸ੍ਰੀ ਸ੍ਰੀ ਰਵੀਸ਼ੰਕਰ ਤਖਤ ਸ੍ਰੀ ਦਮਦਮਾ ਸਾਹਿਬ ਹੋਏ ਨਤਮਸਤਕ

## ਕਿਹਾ ਸਿੱਖ ਗੁਰੂ ਸਾਹਿਬਾਨ ਦੀਆਂ ਕੁਰਬਾਨੀਆਂ ਨੂੰ ਹਿੰਦੂ ਰੱਖਣਗੇ ਹਮੇਸ਼ਾ ਯਾਦ





ਤਲਵੰਡੀ ਸਾਬੋ, 21 ਫਰਵਰੀ (ਗੁਰਜੰਟ ਸਿੰਘ ਨਥੇਹਾ)- ਹਿੰਦੂ ਧਰਮ ਦੇ ਕੌਮਾਂਤਰੀ ਪੱਧਰ ਦੇ ਅਧਿਆਤਮਕ ਆਗੂ ਅਤੇ 'ਆਰਟ ਆਫ ਲਿਵਿੰਗ' ਦੇ ਸੰਸਥਾਪਕ ਪਦਮ ਵਿਭੂਸ਼ਨ ਸ੍ਰੀ ਸ੍ਰੀ ਰਵੀਸ਼ੰਕਰ ਅੱਜ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਏ। ਤਖਤ ਸ੍ਰੀ ਦਮਦਮਾ ਸਾਹਿਬ ਮੱਥਾ ਟੇਕ ਕੇ ਸ੍ਰੀ ਸ੍ਰੀ ਰਵੀਸ਼ੰਕਰ ਨੇ ਕਾਫੀ ਸਮਾਂ ਕੀਰਤਨ ਸ੍ਰਵਣ ਕੀਤਾ।



ਤਖਤ ਸਾਹਿਬ ਦੇ ਗ੍ਰੰਥੀ ਭਾਈ ਗੁਰਪ੍ਰੀਤ ਸਿੰਘ ਨੇ ਉਨਾਂ ਨੂੰ ਤਖਤ ਸਾਹਿਬ ਤੇ ਸ਼ੁਸੋਭਿਤ ਗੁਰੂ ਸਾਹਿਬਾਨ ਅਤੇ ਸਿੱਖ ਯੋਧਿਆਂ ਦੇ ਸ਼ਸਤਰਾਂ ਦੇ ਦਰਸ਼ਨ ਕਰਵਾਉਣ ਸਮੇਂ ਉਨਾਂ ਦੇ ਇਤਿਹਾਸ ਤੋਂ ਜਾਣੂੰ ਕਰਵਾਇਆ। ਅਧਿਆਤਮਕ ਆਗੂ ਨੇ ਮਹਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਭੋਰਾ ਸਾਹਿਬ ਦੇ ਵਿਸ਼ੇਸ ਤੌਰ 'ਤੇ ਦਰਸ਼ਨ ਕੀਤੇ ਅਤੇ ਗੁ: ਦਮਦਮਾ ਸਾਹਿਬ ਵਿਖੇ ਤਖਤ ਸਾਹਿਬ ਦੇ ਇਤਿਹਾਸ ਬਾਰੇ ਲੱਗੀ ਚਿੱਤਰ ਪ੍ਰਦਰਸ਼ਨੀ ਵੀ ਦੇਖੀ। ਤਖਤ ਸਾਹਿਬ ਨਤਮਸਤਕ ਹੋਣ ਉਪਰੰਤ ਤਖਤ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਤਖਤ ਸਾਹਿਬ ਦੇ ਮੈਨੇਜ਼ਰ ਭਾਈ ਰਣਜੀਤ ਸਿੰਘ ਅਤੇ ਸਹਾਇਕ ਮੈਨੇਜ਼ਰ ਗੁਰਦੇਵ ਸਿੰਘ ਸੰਧੂ ਨੇ ਤਖਤ ਸਾਹਿਬ ਦੇ ਦਫਤਰ ਵਿਖੇ ਉਨ੍ਹਾਂ ਨੂੰ ਤਖਤ ਸਾਹਿਬ ਦੀ ਤਸਵੀਰ ਅਤੇ ਧਾਰਮਿਕ ਪੁਸਤਕਾਂ ਭੇਟ ਕਰਕੇ ਸਨਮਾਨਿਤ ਕੀਤਾ। ਦਫਤਰ 'ਚ ਪੱਤਰਕਾਰਾਂ ਨਾਲ ਗੱਲਬਾਤ ਸਮੇਂ ਸ੍ਰੀ ਸ੍ਰੀ ਰਵੀਸ਼ੰਕਰ ਨੇ ਕਿਹਾ ਕਿ ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਣ ਦੀ ਉਨਾਂ ਦੀ ਪਿਛਲੇ ਕਾਫੀ ਸਮੇਂ ਤੋਂ ਇੱਛਾ ਸੀ ਅਤੇ ਇਹ ਇੱਛਾ ਅੱਜ ਸੰਪੂਰਨ ਹੋਣ 'ਤੇ ਉਨਾਂ ਨੂੰ ਮਾਨਸਿਕ ਸਕੂਨ ਮਿਲਿਆ ਹੈ। ਉਨਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਨੇ ਧਰਮ ਅਤੇ ਦੇਸ਼ ਦੀ ਰੱਖਿਆ ਲਈ ਕੁਰਬਾਨੀਆਂ ਕੀਤੀਆਂ, ਜੇਕਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਤਿਲਕ ਜੰਞੂ ਦੀ ਰਾਖੀ ਲਈ ਕੁਰਬਾਨੀ ਨਾ ਦਿੰਦੇ ਤਾਂ ਅੱਜ ਹਿੰਦੁਸਤਾਨ ਦਾ ਇਤਿਹਾਸ ਕੁਝ ਹੋਰ ਹੋਣਾ ਸੀ। ਉਨਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਵੱਲੋਂ ਧਰਮ ਦੀ ਰੱਖਿਆ ਲਈ ਉਸ ਸਮੇਂ ਜੋ ਕੁਰਬਾਨੀਆਂ ਕੀਤੀਆਂ ਗਈਆਂ ਉਸਨੂੰ ਦੇਸ਼ ਦੇ ਹਿੰਦੂ ਹਮੇਸ਼ਾ ਯਾਦ ਰੱਖਣਗੇ। ਇਸ ਮੌਕੇ ਉਨਾਂ ਦੀ ਸੰਸਥਾ 'ਆਰਟ ਆਫ ਲਿਵਿੰਗ' ਦੇ ਵੱਡੀ ਗਿਣਤੀ ਪ੍ਰਬੰਧਕ ਵੀ ਉਨਾਂ ਦੇ ਨਾਲ ਪੁੱਜੇ ਹੋਏ ਸਨ।